ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2157 | 9 July, 2025 Wednesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

# ਡੋਨਾਲਡ ਟਰੰਪ ਸਰਕਾਰ ਵੱਲੋਂ ਜਾਪਾਨ-ਦੱਖਣੀ ਕੋਰੀਆ ਸਮੇਤ 14 ਦੇਸ਼ਾਂ 'ਤੇ ਲਗਾਇਆ ਗਿਆ ਭਾਰੀ ਟੈਕਸ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹੁਣ ਤੱਕ 14 ਦੇਸ਼ਾਂ 'ਤੇ ਇੱਕ ਨਵੀਂ ਟੈਕਸ ਲਹਿਰ ਸ਼ੁਰੂ ਕੀਤੀ ਹੈ, ਜਿਸ ਵਿਚ ਜਾਪਾਨ ਅਤੇ ਦੱਖਣੀ ਕੋਰੀਆ ਸ਼ਾਮਲ ਹਨ। ਇਨ੍ਹਾਂ ਵਿਚੋਂ ਮਿਆਂਮਾਰ ਅਤੇ ਲਾਓਸ ਨੂੰ ਸਭ ਤੋਂ ਵੱਧ 40% ਆਯਾਤ ਡਿਊਟੀ ਅਦਾ ਕਰਨੀ ਪਵੇਗੀ। ਨਵੇਂ ਟੈਰਿਫ 1 ਅਗਸਤ ਤੋਂ ਲਾਗੂ ਹੋਣਗੇ। ਟਰੰਪ ਨੇ ਇਨ੍ਹਾਂ ਦੇਸ਼ਾਂ ਦੇ ਨੇਤਾਵਾਂ ਨੂੰ ਅਧਿਕਾਰਤ ਪੱਤਰ ਭੇਜੇ, ਜੋ ਉਨ੍ਹਾਂ ਨੇ ਆਪਣੇ ਸੋਸ਼ਲ ਪਲੇਟਫਾਰਮ ਟਰੂਥ ਸੋਸ਼ਲ 'ਤੇ ਜਨਤਕ ਕੀਤੇ। ਪੱਤਰਾਂ ਵਿਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਸੀ ਕਿ ਜੇਕਰ ਕੋਈ ਦੇਸ਼ ਬਦਲੇ ਵਿਚ ਟੈਕਸ ਵਧਾਉਂਦਾ ਹੈ, ਤਾਂ ਅਮਰੀਕਾ ਵੀ ਅਜਿਹਾ ਹੀ ਕਰੇਗਾ। ਟਰੰਪ ਨੇ ਕਿਹਾ ਕਿ ਇਹ ਜ਼ਰੂਰੀ ਹੈ, ਤਾਂ ਜੋ ਸਾਲਾਂ ਤੋਂ ਚੱਲ ਰਹੇ ਵਪਾਰ ਘਾਟੇ ਅਤੇ ਟੈਰਿਫ ਅਤੇ ਗੈਰ-ਟੈਰਿਫ ਰੁਕਾਵਟਾਂ ਨੂੰ ਠੀਕ ਕੀਤਾ ਜਾ ਸਕੇ। ਉਨ੍ਹਾਂ ਅਨੁਸਾਰ, ਇਹ ਦਰਾਂ ਅਮਰੀਕੀ ਆਰਥਿਕ ਅਤੇ ਰਾਸ਼ਟਰੀ ਸੁਰੱਖਿਆ ਹਿੱਤਾਂ ਦੀ ਰੱਖਿਆ ਲਈ ਹਨ।

ਇਸ ਨਵੇਂ ਟੈਰਿਫ ਅਨੁਸਾਰ ਮਿਆਂਮਾਰ 'ਤੇ 40%, ਲਾਓਸ 40%, ਥਾਈਲੈਂਡ 36%, ਕੰਬੋਡੀਆ 36%, ਬੰਗਲਾਦੇਸ਼ 35%, ਬੋਸਨੀਆ-ਹਰਜ਼ੇਗੋਵਿਨਾ 30%, ਦੱਖਣੀ ਅਫਰੀਕਾ 30%, ਕਜ਼ਾਖਸਤਾਨ 25%, ਮਲੇਸ਼ੀਆ 25%, ਟਿਊਨੀਸ਼ੀਆ 25%, ਜਾਪਾਨ 25%, ਦੱਖਣੀ ਕੋਰੀਆ 25% ਅਤੇ ਲਾਓਸ/ਮਿਆਂਮਾਰ 'ਤੇ 40% ਟੈਕਸ ਲੱਗੇਗਾ। ਜਾਪਾਨ ਅਤੇ ਦੱਖਣੀ ਕੋਰੀਆ ਨੂੰ ਸ਼ੁਰੂ ਵਿਚ 25% ਟੈਰਿਫ ਦਾ ਸਾਹਮਣਾ ਕਰਨਾ ਪੈਣਾ ਸੀ। ਮਲੇਸ਼ੀਆ, ਕਜ਼ਾਕਿਸਤਾਨ, ਦੱਖਣੀ ਅਫਰੀਕਾ, ਲਾਓਸ, ਮਿਆਂਮਾਰ ਨੂੰ ਪੱਤਰ ਭੇਜੇ ਗਏ




ਸਨ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲਿਨ ਲੇਵਿਟ ਅਨੁਸਾਰ, ਕੁੱਲ ਮਿਲਾ ਕੇ ਲਗਭਗ 12 ਦੇਸ਼ਾਂ ਨੂੰ ਪੱਤਰ ਭੇਜੇ ਜਾ ਰਹੇ ਹਨ ਅਤੇ ਹੋਰ ਲਈ ਗੱਲਬਾਤ ਜਾਰੀ ਹੈ। ਟਰੰਪ ਪ੍ਰਸ਼ਾਸਨ ਨੇ ਹੋਰ ਦੇਸ਼ਾਂ ਨਾਲ ਬਿਹਤਰ ਵਪਾਰਕ ਸੌਦਿਆਂ 'ਤੇ ਪਹੁੰਚਣ ਲਈ ਪਿਛਲੀ ਗੱਲਬਾਤ ਦੀ ਆਖਰੀ ਮਿਤੀ (9 ਜੁਲਾਈ) 1 ਅਗਸਤ ਤੱਕ ਵਧਾ ਦਿੱਤੀ ਹੈ। ਕਾਰੋਬਾਰਾਂ, ਬਾਜ਼ਾਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਉਤਰਾਅ-ਚੜ੍ਹਾਅ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿਉਂਕਿ ਦਰਾਂ ਵਿਚ ਵਾਰ-ਵਾਰ ਬਦਲਾਅ ਯੋਜਨਾਬੰਦੀ ਨੂੰ ਮੁਸ਼ਕਲ ਬਣਾਉਂਦਾ ਹੈ। ਇਸ ਨਾਲ ਸੰਭਾਵੀ ਤੌਰ 'ਤੇ ਮਹਿੰਗਾਈ, ਨਿਵੇਸ਼ ਦਾ ਨੁਕਸਾਨ ਅਤੇ ਉਦਯੋਗਾਂ ਵਿਚ ਵਿਘਨ ਪੈ ਸਕਦਾ ਹੈ। ਟਰੰਪ ਦਾ ਕਹਿਣਾ ਹੈ ਕਿ ਇਸ ਨਾਲ ਟੈਕਸ ਮਾਲੀਆ ਵਧੇਗਾ ਅਤੇ ਫੈਕਟਰੀਆਂ ਵਿਚ ਅਮਰੀਕੀ ਰੁਜ਼ਗਾਰ ਵਧੇਗਾ, ਪਰ ਆਲੋਚਕਾਂ ਦਾ ਕਹਿਣਾ ਹੈ ਕਿ ਇਸਦਾ ਜੀ.ਡੀ.ਪੀ. 'ਤੇ ਨਕਾਰਾਤਮਕ ਪ੍ਰਭਾਵ ਪਵੇਗਾ।

# ਅਚਾਨਕ ਟੁੱਟਿਆ ਪੁਲ, ਕਈ ਵਾਹਨ ਦਰਿਆ ਵਿਚ ਡਿੱਗੇ, 8 ਮੌਤਾਂ

**ਗਾਂਧੀਨਗਰ ਸਾਂਝੀ ਸੋਚ ਬਿਊਰੋ**

ਗੁਜਰਾਤ ਵਿਚ ਮਹੀਸਾਗਰ ਨਦੀ ਉਤੇ ਬਣਿਆ ਇੱਕ ਪੁਰਾਣਾ ਪੁਲ ਸਵੇਰੇ ਅਚਾਨਕ ਡਿੱਗ ਗਿਆ। ਇਸ ਹਾਦਸੇ ਵਿੱਚ 8 ਲੋਕਾਂ ਦੀ ਮੌਤ ਹੋ ਗਈ ਹੈ ਅਤੇ 5 ਲੋਕਾਂ ਨੂੰ ਬਚਾ ਲਿਆ ਗਿਆ ਹੈ। ਪੁਲ ਡਿੱਗਦੇ ਹੀ ਇਸ 'ਤੇ ਚੱਲ ਰਹੇ ਘੱਟੋ-ਘੱਟ 5 ਵਾਹਨ ਨਦੀ ਵਿੱਚ ਡਿੱਗ ਗਏ। ਇਨ੍ਹਾਂ ਵਿੱਚੋਂ ਦੋ ਟਰੱਕ ਪੂਰੀ ਤਰ੍ਹਾਂ ਨਦੀ ਵਿੱਚ ਡੁੱਬ ਗਏ ਜਦੋਂ ਕਿ ਇੱਕ ਟੈਂਕਰ ਪੁਲ ਦੇ ਕਿਨਾਰੇ 'ਤੇ ਲਟਕਦਾ ਰਿਹਾ। ਘਟਨਾ ਤੋਂ ਤੁਰੰਤ ਬਾਅਦ ਹਫੜਾ-ਦਫੜੀ ਮਚ ਗਈ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ। ਦੱਸ ਦਈਏ ਕਿ ਇਹ ਪੁਲ 1981 ਵਿੱਚ ਬਣਿਆ ਸੀ ਅਤੇ 1985 ਵਿੱਚ ਜਨਤਾ ਲਈ ਖੋਲ੍ਹਿਆ ਗਿਆ ਸੀ। ਪਰ ਪਿਛਲੇ ਕੁਝ ਸਾਲਾਂ ਵਿੱਚ ਇਸ ਦੀ ਹਾਲਤ ਬਹੁਤ ਖਸਤਾ ਹੋ ਗਈ ਸੀ। ਇਸ ਦੇ ਬਾਵਜੂਦ, ਪੁਲ ਉਤੇ ਵਾਹਨ ਚੱਲਦੇ ਰਹੇ। ਸਥਾਨਕ ਵਿਧਾਇਕ ਚੈਤੰਨਿਆ ਸਿੰਘ ਝਾਲਾ ਨੇ ਇਸ ਪੁਲ ਦੀ ਮਾੜੀ ਹਾਲਤ ਨੂੰ ਦੇਖ ਕੇ ਪਹਿਲਾਂ ਹੀ ਚਿਤਾਵਨੀ ਦੇ ਦਿੱਤੀ ਸੀ। ਉਨ੍ਹਾਂ ਨੇ ਸਰਕਾਰ ਤੋਂ ਨਵਾਂ ਪੁਲ ਬਣਾਉਣ ਦੀ ਮੰਗ ਵੀ ਕੀਤੀ ਸੀ। ਪਰ ਚੇਤਾਵਨੀ ਦੇ ਬਾਵਜੂਦ ਪੁਲ ਨੂੰ ਬੰਦ ਨਹੀਂ ਕੀਤਾ ਗਿਆ। ਨਤੀਜਾ ਇਹ ਹੋਇਆ ਕਿ ਅੱਜ ਇੱਕ ਵੱਡਾ ਹਾਦਸਾ ਵਾਪਰ ਗਿਆ। ਘਟਨਾ ਦੀ ਗੰਭੀਰਤਾ ਨੂੰ ਵੇਖਦੇ ਹੋਏ ਮੁੱਖ ਮੰਤਰੀ ਨੇ ਤੁਰੰਤ ਤਕਨੀਕੀ ਮਾਹਿਰਾਂ ਦੀ ਇੱਕ ਟੀਮ ਨੂੰ ਮੌਕੇ 'ਤੇ ਭੇਜਿਆ ਅਤੇ ਜਾਂਚ ਦੇ ਆਦੇਸ਼ ਦਿੱਤੇ। ਉਨ੍ਹਾਂ ਨੇ ਪੁਲ ਡਿੱਗਣ ਬਾਰੇ ਪੂਰੀ ਜਾਣਕਾਰੀ ਇਕੱਠੀ ਕਰਨ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਵੀ ਕਿਹਾ। ਪੁਲ ਡਿੱਗਦੇ ਹੀ ਸਥਾਨਕ ਪ੍ਰਸ਼ਾਸਨ ਅਤੇ ਰਾਹਤ ਟੀਮ ਮੌਕੇ 'ਤੇ ਪਹੁੰਚ ਗਈ। ਦਰਿਆ ਵਿੱਚ ਡਿੱਗੇ ਵਾਹਨਾਂ ਨੂੰ ਬਾਹਰ ਕੱਢਣ ਦਾ ਕੰਮ ਸ਼ੁਰੂ ਹੋ ਗਿਆ ਹੈ। ਤੈਰਾਕਾਂ ਦੀ ਮਦਦ ਨਾਲ ਲਾਸ਼ਾਂ ਨੂੰ ਵੀ ਬਾਹਰ ਕੱਢਿਆ ਗਿਆ। ਫਿਲਹਾਲ ਰਾਹਤ ਅਤੇ ਬਚਾਅ ਕਾਰਜ ਜਾਰੀ ਹੈ।

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**




# NAV INDIAN MERCHANDISE GROCERY STORE

**3230 MITCHELL ROAD, STE, C, CERES, CA 95307**



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ



**ਇੱਕ ਵਾਰ Visit ਜ਼ਰੂਰ ਕਰੋ।**



Ria MONEY TRANSFER

**INDIA ਪੈਸੇ ਭੇਜਣ ਲਈ**

**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**



**Contact Number**

**+1 (209) 537-5702**

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

### ਅਜੋਕੇ ਖੇਤੀ ਸੰਕਟ ਸਮੇਂ ਇੱਕ ਮੁਲਾਕਾਤ ਇੱਕ ਖੇਤੀ ਮਾਹਰ ਨਾਲ

# "ਭਗਵਾਨ" ਦੀ ਰੱਖਿਆ ਲਈ ਖੇਤੀ ਸਤਿਸੰਗ ਸਮੇਂ ਦੀ ਲੋੜ- ਅਵਤਾਰ ਸਿੰਘ ਖੇਤੀ ਮਾਹਰ

ਅਜੋਕੇ ਯੁਗ 'ਚ ਮਨੁੱਖੀ ਜੀਵਨ ਦੇ ਅਰਥ ਹੀ ਬਦਲਦੇ ਜਾ ਰਹੇ ਹਨ। ਸਧਾਰਨ ਮਨੁੱਖੀ ਜੀਵਨ ਜਟਿਲਤਾ ਭਰਪੂਰ ਹੁੰਦਾ ਜਾ ਰਿਹਾ ਹੈ। ਬਣਾਉਟੀ ਵਸਤਾਂ, ਤੇਜ਼ੀ ਨਾਲ ਵੱਧਦੀ ਤਕਨਾਲੋਜੀ, ਆਰਟੀਫਿਸ਼ੀਅਲ ਇੰਟੈਲੀਜੈਂਸ ਨੇ ਮਨੁੱਖੀ ਸੋਚ ਨੂੰ ਚਾਰੇ ਪਾਸਿਓਂ ਘੇਰਾ ਪਾਇਆ ਹੋਇਆ ਹੈ। ਮਨੁੱਖੀ ਜੀਵਨ ਚੰਗੇ ਸੁਖਾਵੇਂ ਜੀਵਨ ਤੋਂ ਗੰਭੀਰ ਬਿਮਾਰੀਆਂ, ਭੈੜੀ ਸੋਚ ਕਾਰਨ ਨਰਕ ਜਿਹਾ ਹੋਇਆ ਜਾਪਦਾ ਹੈ, ਕਿਉਂਕਿ "ਸ਼ੁੱਧ" ਸ਼ਬਦ ਉਸਦੇ ਜੀਵਨ 'ਚੋਂ ਗ਼ਾਇਬ ਹੋ ਰਿਹਾ ਹੈ।

ਸ਼ੁੱਧ ਹਵਾ, ਸ਼ੁੱਧ ਪਾਣੀ, ਸ਼ੁੱਧ ਭੋਜਨ ਜੋ ਮਨੁੱਖੀ ਜੀਵਨ ਦਾ ਆਧਾਰ ਹੈ ; ਦੀ ਥਾਂ ਜ਼ਹਿਰਾਂ ਨੇ ਲੈ ਲਈ ਹੈ। ਪਾਣੀ ਗੰਧਲ਼ਾ, ਹਵਾ ਦੂਸ਼ਿਤ, ਭੋਜਨ ਮਿਲਾਵਟੀ ਮਿਲਣ ਕਾਰਨ ਮਨੁੱਖੀ ਸਰੀਰ ਜ਼ਰਜ਼ਰਾ ਹੋ ਰਿਹਾ ਹੈ ਅਤੇ " ਜੈਸਾ ਅੰਨ ਤੈਸਾ ਮਨ" ਲੋਕ ਤੱਥ ਅਨੁਸਾਰ ਦੂਸ਼ਿਤ ਅਤੇ ਮਿਲਾਵਟੀ ਖ਼ੁਰਾਕ ਖਾਣ ਨਾਲ ਮਨੁੱਖ ਦੀ ਸੋਚ ਵੀ ਗੰਧਲ਼ੀ ਤੇ ਭੈੜੀ ਹੁੰਦੀ ਜਾ ਰਹੀ ਹੈ। ਖੇਤੀ ਜੋ ਖੁਰਾਕ ਦਾ ਆਧਾਰ ਹੈ, ਘਾਟੇ ਵਾਲ਼ੀ ਹੋ ਗਈ ਹੈ। ਰੁਜ਼ਗਾਰ ਮਿਲ ਨਹੀਂ ਰਿਹਾ। ਭੋਜਨ ਮਿਲਾਵਟੀ ਅਤੇ ਜ਼ਹਿਰਾਂ ਨਾਲ਼ ਭਰਿਆ ਪਿਆ ਹੈ।

ਇਸ ਸਭ ਨੂੰ ਵਾਚਦਿਆਂ ਨਿਗਰ ਸੋਚ ਰੱਖਣ ਵਾਲੇ ਕੁਝ ਸਖਸ਼ ਖ਼ਾਸ ਤੌਰ 'ਤੇ ਉਪਜਾਊ ਧਰਤੀ ਪੰਜਾਬ ਦੇ ਬਸ਼ਿੰਦਿਆਂ ਨੂੰ ਇੱਕ ਨਵੀਂ ਸੇਧ ਦੇਣ ਲਈ ਇੱਕ ਸਿਧਾਂਤਕ ਸੋਚ ਲੈ ਕੇ ਸਿਰਫ਼ ਗੱਲੀਂ ਬਾਤੀ ਨਹੀਂ, ਸਗੋਂ ਅਮਲੀ ਤੌਰ 'ਤੇ ਕੁਝ ਨਵਾਂ-ਨਿਆਰਾ ਕਰਨ ਲਈ ਯਤਨਸ਼ੀਲ ਹਨ। ਉਹਨਾਂ ਵਿੱਚੋਂ ਫਗਵਾੜਾ ਸ਼ਹਿਰ ਦੇ ਲਾਗਲੇ ਖੇਤਰ 'ਚ ਜੈਵਿਕ ਖੇਤੀ ਨੂੰ ਨਵੇਂ ਢੰਗਾਂ ਨਾਲ ਉਤਸਾਹ ਤੇ ਹੁਲਾਰਾ ਦੇਣ ਲਈ "ਸੰਪੂਰਨ ਖੇਤੀ, ਪੂਰਨ ਰੁਜ਼ਗਾਰ,ਪੌਸ਼ਟਿਕ ਆਹਾਰ, ਜ਼ਹਿਰ ਯੁਕਤ ਤੋਂ ਜ਼ਹਿਰ ਮੁਕਤ ਇੱਕ ਸਫਰ " ਦੀ ਪਵਿੱਤਰ ਤੇ ਲੋਕ ਹਿੱਤਕਾਰੀ ਸੋਚ ਲੈ ਕੇ ਕੰਮ ਕਰਨ ਵਾਲੇ ਖੇਤੀ ਮਾਹਰ ਅਵਤਾਰ ਸਿੰਘ ਜੋ "ਭਗਵਾਨ" ਦੇ ਅਰਥ ਭਾਵ

**ਭ+ਗ+ਵ+ਆ+ਨ**

**ਭ**- ਭੂਮੀ ਭਾਵ ਮਿੱਟੀ

**ਗ**- ਗਗਨ ਭਾਵ ਆਕਾਸ਼

**ਵ**- ਵਾਯੂ ਭਾਵ ਹਵਾ

**ਆ**- ਆਗ ਭਾਵ ਅਗਨੀ

**ਨ**- ਨੀਰ ਭਾਵ ਪਾਣੀ, ਕਰਦੇ ਹਨ,

ਨਾਲ ਗੱਲਬਾਤ ਕਰਨ ਦਾ ਮੌਕਾ ਮਿਲਿਆ। ਮੁਲਾਕਾਤ ਦੀ ਪਹਿਲੀ ਲੜੀ 'ਚ ਰਸਾਇਣਿਕ ਖੇਤੀ ਅਤੇ ਜੈਵਿਕ ਖੇਤੀ ਸੰਬੰਧੀ ਚਰਚਾ ਪਾਠਕਾਂ ਦੇ ਰੂਬਰੂ ਹੈ- ਗੁਰਮੀਤ ਸਿੰਘ ਪਲਾਹੀ

**ਸਵਾਲ :** ਪੰਜਾਬ ਵਿੱਚ ਖੇਤੀ ਨੂੰ ਅੱਜ ਕੱਲ ਘਾਟੇ ਦਾ ਸੌਦਾ ਮੰਨਿਆ ਜਾਂਦਾ ਹੈ, ਕੀ ਵਾਕਿਆ ਹੀ ਖੇਤੀ ਘਾਟੇ ਦਾ ਸੌਦਾ ਹੈ ਜੇ ਹੈ ਤਾਂ ਇਸ ਪਿੱਛੇ ਕਿਹੜੇ ਕਿਹੜੇ ਕਾਰਨ ਹਨ?

**ਜਵਾਬ:** ਅੱਜ ਤੋਂ ਲਗਭਗ ਕੋਈ 60-65 ਸਾਲ ਪਹਿਲਾਂ ਦਾ ਸਮਾਂ ਸੀ ਜਦੋਂ ਖੇਤੀ ਦੇ ਕੰਮ ਨੂੰ ਸੱਭ ਤੋਂ ਵਧੀਆ ਅਤੇ ਉੱਤਮ ਮੰਨਿਆ ਜਾਂਦਾ ਸੀ। ਦੂਜੇ ਨੰਬਰ ਤੇ ਵਪਾਰ ਨੂੰ ਮੰਨਿਆ ਜਾਂਦਾ ਸੀ ਅਤੇ ਸਰਕਾਰੀ ਨੌਕਰੀ ਨੂੰ ਸਭ ਤੋਂ ਹੇਠਾਂ ਭਾਵ ਤੀਜਾ ਸਥਾਨ ਦਿੱਤਾ ਜਾਂਦਾ ਸੀ। ਇਸੇ ਕਰ ਕੇ ਇਹ ਅਖਾਣ ਆਮ ਵਰਤਿਆ ਜਾਂਦਾ ਸੀ ਕਿ,"ਉੱਤਮ ਖੇਤੀ,ਮੱਧਮ ਵਪਾਰ, ਨਖਿਧ ਚਾਕਰੀ ਭੀਖ ਗਵਾਰ"। ਭਾਵ ਖੇਤੀ ਕਿਸੇ ਸਮੇਂ ਉੱਤਮ ਅਤੇ ਲਾਹੇਵੰਦ ਧੰਦਾ ਸੀ। ਸੋ ਜੇਕਰ ਹੁਣ ਅਸੀਂ ਇਹ ਮੰਨ ਰਹੇ ਹਾਂ ਕਿ ਖੇਤੀ ਘਾਟੇ ਦਾ ਸੌਦਾ ਹੈ ਤਾਂ ਇਹ ਧਾਰਨਾ ਗ਼ਲਤ ਹੈ, ਜ਼ਰੂਰ ਕਿਤੇ ਨਾ ਕਿਤੇ ਅਸੀਂ ਗਲਤ ਹਾਂ ਅਤੇ ਸਾਨੂੰ ਉਹ ਗ਼ਲਤੀ ਲੱਭਣ ਦੀ ਜ਼ਰੂਰਤ ਹੈ। ਜਿਸ ਵਕਤ ਅਸੀਂ ਉਸ ਗ਼ਲਤੀ ਨੂੰ ਲੱਭ ਲਿਆ,ਉਸ ਵਕਤ ਸਾਡੀ ਖੇਤੀ ਬਹੁਤ ਲਾਹੇਵੰਦ ਧੰਦਾ ਤਾਂ ਸਾਬਤ ਹੋਵੇਗੀ ਹੀ, ਸਾਡੇ ਕੁਦਰਤੀ ਸਾਧਨਾਂ ਦਾ ਵੀ ਬਹੁਤ ਬਚਾਅ ਹੋਵੇਗਾ।

**ਸਵਾਲ :** ਅੱਜ ਕੱਲ ਖੇਤੀ ਅਧਾਰਤ ਖਾਧ ਉਤਪਾਦਾਂ ਨੂੰ ਸਿਹਤ ਲਈ ਹਾਨੀਕਾਰਕ ਕਹਿ ਕੇ ਪ੍ਰਚਾਰਿਆ ਜਾ ਰਿਹਾ ,ਇਸ ਗੱਲ ਚ ਕਿੰਨੀ ਕ ਸੱਚਾਈ ਹੈ ?

**ਜਵਾਬ :** ਜੀ, ਇਹ ਗੱਲ ਬਿਲਕੁਲ ਸੱਚ ਅਤੇ ਸਹੀ ਹੈ। ਇਹ ਸਹੀ ਹੈ ਕਿ ਇਸ ਵੇਲੇ ਸਾਨੂੰ ਖੁਰਾਕੀ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੇਸ਼ੱਕ ਸਾਡੇ ਕੋਲ ਖੁਰਾਕੀ ਪਦਾਰਥਾਂ ਦੇ ਅੰਬਾਰ ਲੱਗੇ ਪਏ ਹਨ, ਗੋਦਾਮ ਭਰੇ ਪਏ ਹਨ ,ਪਰ ਤ੍ਰਾਸਦੀ ਇਹ ਹੈ ਕਿ ਇਹ ਸਾਰਾ ਖਾਣਾ, ਖਾਣਯੋਗ ਹੀ ਨਹੀਂ ਹੈ,ਕਿਉਂਕਿ ਸਾਰੇ ਦਾ ਸਾਰਾ ਖਾਣਾ ਜ਼ਹਿਰ ਯੁਕਤ ਹੈ। ਅਸੀਂ ਬਹੁਤ ਸਾਰੇ ਰਸਾਇਣਾਂ ਦੀ ਵਰਤੋਂ ਕਰ ਕੇ ਗ਼ੈਰ ਕੁਦਰਤੀ ਢੰਗ ਵਰਤ ਕੇ ਖੁਰਾਕੀ ਵਸਤਾਂ ਪੈਦਾ ਕਰਦੇ ਹਾਂ ,ਇਸ ਕਰਕੇ ਇਹ ਗੱਲ ਬਿਲਕੁਲ ਸੱਚ ਹੈ ਕਿ ਜਿੰਨਾ ਵੀ ਖਾਣਾ ਸਾਨੂੰ ਮਿਲ ਰਿਹਾ, ਉਹ ਸਾਰੇ ਦਾ ਸਾਰਾ ਖਾਣਯੋਗ ਨਹੀਂ ਹੈ । ਸਿਹਤ ਲਈ ਹਾਨੀਕਾਰਕ ਹੁੰਦਾ ਹੈ।

**ਸਵਾਲ :**ਹਰੀ ਕ੍ਰਾਂਤੀ ਨੇ ਪੰਜਾਬ ਦੇ ਧਰਤੀ ਨੂੰ ਅਣ ਉਪਜਾਊ ਅਤੇ ਕੱਲਰ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ, ਇਸ ਬਾਰੇ ਤੁਹਾਡੇ ਕੀ ਵਿਚਾਰ ਹਨ ?



**ਜਵਾਬ :** ਬਿਲਕੁਲ ਜੀ, ਅਸੀਂ ਇਹ ਕਹਿ ਸਕਦੇ ਹਾਂ ਕਿ ਹਰੀ ਕ੍ਰਾਂਤੀ ਜੀਵਨ ਨੂੰ ਖੋਰਾ ਲਾਇਆ ਹੈ। ਹਰੀ ਕ੍ਰਾਂਤੀ, ਗ੍ਰੀਨ ਰੇਵੋਲਿਊਸ਼ਨ ਅਸਲ ਵਿੱਚ " ਗ਼ਰੀਡ ਰੇਵੋਲਿਊਸ਼ਨ" ਕਹਿਣਾ ਚਾਹੀਦਾ ਹੈ, ਇਸ ਦਾ ਮੁੱਖ ਉਦੇਸ਼ ਪ੍ਰਤੀ ਏਕੜ ਵੱਧ ਤੋਂ ਵੱਧ ਝਾੜ ਲੈਣ ਦਾ ਲਾਲਚ ਸੀ। ਅਸੀਂ ਵੱਧ ਤੋਂ ਵੱਧ ਉਪਜ ਲੈਣ ਦੇ ਰਾਹ ਤੁਰ ਪਏ। ਇਸ ਲਈ ਖੇਤੀਬਾੜੀ ਯੂਨੀਵਰਸਿਟੀਆਂ, ਖੇਤੀ ਅਦਾਰਿਆਂ ਅਤੇ ਖੇਤੀ ਦੇ ਤਕਨੀਕੀ ਮਾਹਰਾਂ ਵੱਲੋਂ ਰਸਾਇਣਿਕ ਖਾਦਾਂ , ਨਦੀਨ ਨਾਸ਼ਕਾਂ, ਕੀਟਨਾਸ਼ਕਾਂ ਜਾਂ ਹੋਰ ਦਵਾਈਆਂ ਵਗੈਰਾ ਦੀ ਵਰਤੋਂ ਕਰਨ ਦੇ ਘਾਤਕ ਤਰੀਕੇ ਸੁਝਾਏ ਗਏ ਅਤੇ ਅਸੀਂ "ਈਕੋ ਸਿਸਟਮ" ਨੂੰ ਖ਼ਰਾਬ ਕਰ ਲਿਆ। ਧਰਤੀ ਹੇਠਲੇ ਪਾਣੀ ਦਾ ਪੱਧਰ ਕਾਫ਼ੀ ਹੇਠਾਂ ਚਲਾ ਗਿਆ ਅਤੇ ਪਾਣੀ ਪ੍ਰਦੂਸ਼ਿਤ ਹੋ ਗਿਆ। ਸਾਡੀ ਹਵਾ ਵੀ ਗੰਧਲ਼ੀ ਹੋ ਗਈ। ਇਸ ਕਾਰਨ ਸਾਡੀਆਂ ਉਪਜਾਂ ਵੀ ਦੂਸ਼ਿਤ ਹੋ ਕੇ ਜ਼ਹਿਰੀਲੀਆਂ ਹੋ ਗਈਆਂ, ਕਿਉਂਕਿ ਫ਼ਸਲ ਪੈਦਾ ਕਰਨ ਲਈ ਵਰਤੀਆਂ ਗਈਆਂ ਰਸਾਇਣਿਕ ਖਾਦਾਂ, ਰਸਾਇਣਿਕ ਦਵਾਈਆਂ, ਕੀਟਨਾਸ਼ਕ, ਨਦੀਨ ਨਾਸ਼ਕ ਰਸਾਇਣ ਸਾਡੀਆਂ ਉਪਜਾਂ ਵਿੱਚ ਵੀ ਆ ਜਾਂਦੇ ਹਨ। ਜ਼ਹਿਰ ਯੁਕਤ ਖਾਧ ਪਦਾਰਥਾਂ ਦੀ ਸਮੱਸਿਆ ਇਕੱਲੀ ਮਨੁੱਖ ਜਾਤੀ ਲਈ ਨਹੀਂ ਸਗੋਂ ਜੀਵਨ ਦੀ ਹੋਂਦ ਲਈ ਇੱਕ ਕਿਸਮ ਦਾ ਗੰਭੀਰ ਖਤਰਾ ਬਣ ਕੇ ਸਾਹਮਣੇ ਆਈ ਹੈ। ਗ਼ੈਰ ਕੁਦਰਤੀ ਖੇਤੀ ਢੰਗਾਂ ਨੂੰ ਲਾਂਭੇ ਕਰਕੇ ਕੁਦਰਤੀ ਖੇਤੀ ਕਰ ਕੇ ਹੀ ਅਸੀਂ ਕੁਦਰਤੀ ਸਿਸਟਮ ਨੂੰ ਬਚਾਅ ਸਕਦੇ ਹਾਂ। ਇਸ ਤਰ੍ਹਾਂ ਅਸੀਂ ਆਪਣੇ ਆਪ ਨੂੰ ਬਚਾ ਪਾਵਾਂਗੇ, ਸਾਡੇ ਕੁਦਰਤੀ ਸਾਧਨ ਵੀ ਬਚਣਗੇ ਸਾਡੀ ਖੁਰਾਕ ਵੀ ਜ਼ਹਿਰ ਮੁਕਤ ਹੋਵੇਗੀ। ਸਾਡੀ ਸਿਹਤ ਵੀ ਠੀਕ ਰਹੇਗੀ ।

**ਸਵਾਲ:** ਕੀ ਹਰੀ ਕ੍ਰਾਂਤੀ ਨੇ ਪੰਜਾਬ ਦੇ ਅਰਥਚਾਰੇ ਨੂੰ ਹੁਲਾਰਾ ਦਿੱਤਾ?

**ਜਵਾਬ:** ਹਰੀ ਕ੍ਰਾਂਤੀ ਨੇ ਅਰੰਭਕ ਦੌਰ ਵਿੱਚ ਜ਼ਰੂਰ ਪੰਜਾਬ ਦੇ ਅਰਥਚਾਰੇ ਨੂੰ ਕੁਝ ਹੁਲਾਰਾ ਦਿੱਤਾ ਪ੍ਰੰਤੂ ਜਦੋਂ ਅਸੀਂ ਹਰੀ ਕ੍ਰਾਂਤੀ ਦੇ ਮਾੜੇ ਸਿੱਟਿਆਂ , ਦੁਰਪ੍ਰਭਾਵਾਂ ਦੀ ਗੱਲ ਕਰਦੇ ਹਾਂ ਤਾਂ ਉਹ ਮੁਕਾਬਲਤਨ ਬਹੁਤ ਹੀ ਜ਼ਿਆਦਾ ਹਨ। ਕਿਸਾਨ ਕਰਜ਼ੇ ਦੇ ਵਿੱਚ ਪੂਰੀ ਤਰ੍ਹਾਂ ਡੁੱਬ ਗਿਆ ਹੈ। ਅਸੀਂ ਰੋਜ਼ ਅਖ਼ਬਾਰਾਂ ਦੀਆਂ ਸੁਰਖੀਆਂ ਦੇਖਦੇ ਹਾਂ ਕਿਸਾਨ ਖ਼ੁਦਕੁਸ਼ੀਆਂ ਕਰ ਰਹੇ ਹਨ। ਇਹ ਵੀ ਇੱਕ ਸੱਚ ਹੈ ਕਿ ਹਰੀ ਕ੍ਰਾਂਤੀ ਲਈ ਜਿਸ ਕਿਸਾਨ ਨੇ ਜਿੰਨੇ ਜ਼ਿਆਦਾ ਆਧੁਨਿਕ ਸਾਧਨਾਂ - ਢੰਗਾਂ ਦੀ ਵਰਤੋਂ ਕੀਤੀ ਹੈ ,ਉਹ ਉਨਾ ਜ਼ਿਆਦਾ ਕਰਜ਼ਦਾਰ ਹੋਇਆ ਹੈ। ਕਾਰਪੋਰੇਟ ਸਿਸਟਮ ਵੱਲੋਂ ਸਾਡੇ ਉੱਤੇ ਥੋਪੇ ਗਏ ਖੇਤੀ ਵਿਕਾਸ ਦੇ ਇਸ ਮਾਡਲ ਨੇ ਧਰਤੀ,ਕੁਦਰਤ ਅਤੇ ਜੀਵਨ ਨੂੰ ਖੋਰਾ ਹੀ ਲਾਇਆ। ਜੀਵਨ,ਜੀਵਨ ਪੱਧਰ ਅਤੇ ਕੁਦਰਤ ਉੱਤੇ ਕੋਈ ਵਧੀਆ ਪ੍ਰਭਾਵ ਨਹੀਂ ਪਾਇਆ।

**ਸਵਾਲ:** ਸ.ਅਵਤਾਰ ਸਿੰਘ ਜੀ ਮੈਨੂੰ ਯਾਦ ਹੈ ਜਦੋਂ ਅਸੀਂ ਛੋਟੇ-ਛੋਟੇ ਹੁੰਦੇ ਸੀ ਉਦੋਂ ਕਿਸਾਨਾਂ ਕੋਲ ਭਾਵੇਂ ਥੋੜ੍ਹੇ ਜਿਹੇ ਪੈਸੇ ਹੋਇਆ ਕਰਦੇ ਸੀ ਪਰ ਉਹ ਬੜੇ ਖ਼ੁਸ਼ਹਾਲ ਅਤੇ ਖ਼ੁਸ਼ - ਖ਼ੁਸ਼ ਰਹਿੰਦੇ ਸਨ। ਪਰ ਹੁਣ ਇੱਕ ਗੱਲ ਬਹੁਤ ਹੀ ਚਰਚਾ ਦੇ ਵਿੱਚ ਰਹਿੰਦੀ ਹੈ ਕਿ ਕਿਸਾਨ ਕਰਜ਼ਾਈ ਹੋ ਰਿਹਾ, ਬਹੁਤ ਸਾਰੇ ਕਿਸਾਨ ਮਾਨਸਿਕ ਤਣਾਅ ਦਾ ਸ਼ਿਕਾਰ ਹੋ ਗਏ ਹਨ। ਕੀ ਅਸਲ ਵਿੱਚ ਹਰੀ ਕ੍ਰਾਂਤੀ ਤੋਂ ਬਾਅਦ ਪੰਜਾਬ ਦਾ ਕਿਸਾਨ ਖ਼ੁਸ਼ਹਾਲ ਹੋਇਆ ਜਾਂ ਇਹ ਇੱਕ ਭਰਮ ਜਾਲ ਹੀ ਹੈ?

**ਜਵਾਬ :** ਜੀ ਇਸ ਨੂੰ ਅਸਲ ਵਿੱਚ ਇੱਕ ਭਰਮ ਜਾਲ ਹੀ ਕਿਹਾ ਜਾ ਸਕਦਾ ਹੈ ਕਿਉਂਕਿ ਹਰੀ ਕ੍ਰਾਂਤੀ ਦੌਰਾਨ ਖੇਤੀ ਦੇ ਖਰਚੇ ਬਹੁਤ ਜ਼ਿਆਦਾ ਵੱਧ ਗਏ। ਕਿਸਾਨ ਕਈ ਤਰ੍ਹਾਂ ਦੇ ਖਰਚਿਆਂ ਦੀਆਂ ਜ਼ੰਜੀਰਾਂ ਨਾਲ ਜਕੜਿਆ ਹੋਇਆ ਹੈ। ਕਿਸਾਨ ਖੇਤੀ ਲਈ ਉੱਤਮ ਬੀਜਾਂ ,ਡੀਜ਼ਲ, ਰਸਾਇਣਾਂ, ਪੋਸ਼ਕ ਤੱਤਾਂ, ਰਸਾਇਣਿਕ ਖਾਦਾਂ, ਕੀੜੇਮਾਰ ਦਵਾਈਆਂ, ਨਦੀਨ ਨਾਸ਼ਕਾਂ ਤੋਂ ਇਲਾਵਾ ਲਈ ਤਰ੍ਹਾਂ ਦੀ ਮਹਿੰਗੀ ਮਸ਼ੀਨਰੀ ਜਿਵੇਂ ਟ੍ਰੈਕਟਰ, ਥਰੈਸ਼ਰ,ਕੰਬਾਈਨ ਆਦਿ ਦੀ ਵਰਤੋਂ ਕਰਦਾ ਹੈ ਕਹਿਣ ਦਾ ਭਾਵ ਹੈ ਕਿ ਕਿਸਾਨ ਇਹਨਾਂ ਖਰਚਿਆਂ ਕਾਰਨ ਕਰਜ਼ੇ ਦੇ ਵਿੱਚ ਜਕੜਿਆ ਜਾ ਰਿਹਾ ਅਤੇ ਇਸ ਕਰਜ਼ੇ ਦੇ ਵਿੱਚ ਸਾਲ ਦਰ ਸਾਲ ਵਾਧਾ ਹੁੰਦਾ ਜਾ ਰਿਹਾ ਹੈ। ਇਸ ਤਰ੍ਹਾਂ ਕਿਸਾਨ ਮਜ਼ਬੂਤ ਨਹੀਂ ਸਗੋਂ ਆਰਥਿਕ ਅਤੇ ਮਾਨਸਿਕ ਪੱਖੋਂ ਕਮਜ਼ੋਰ ਹੁੰਦਾ ਜਾ ਰਿਹਾ। ਕਿਸਾਨ ਦੇ ਦੁਆਲ਼ੇ ਲਪੇਟ ਹੋਈਆਂ ਖਰਚੇ ਅਤੇ ਕਰਜ਼ੇ ਦੀਆਂ ਜ਼ੰਜੀਰਾਂ ਨੂੰ ਕਾਰਪੋਰੇਟ ਸਿਸਟਮ ਵੱਲੋਂ ਸੁਝਾਏ ਖੇਤੀ ਢੰਗਾਂ ਨਾਲ ਕਦੇ ਵੀ ਨਹੀਂ ਤੋੜਿਆ ਜਾ ਸਕਦਾ ਹੈ ।

**ਸਵਾਲ :** ਅੱਜ ਕੱਲ 99% ਕਿਸਾਨ ਘਾਟੇ ਦੀ ਖੇਤੀ ਕਰ ਰਹੇ ਹਨ,ਲਟੈਣਾਂ ਨੂੰ ਜੱਫੇ ਪਾ ਰਹੇ ਹਨ। ਕਿਸਾਨਾਂ ਵਿੱਚ ਆਤਮ ਹੱਤਿਆ ਦਾ ਰੁਝਾਨ ਬਹੁਤ ਵੱਧ ਗਿਆ ਹੈ ਉਹਨਾਂ ਦਾ ਸਮਾਜਿਕ ਰੁਤਬਾ ਘਟਿਆ ਹੈ,ਉਹ ਆਰਥਿਕ ਮੰਦਹਾਲੀ ਦਾ ਸ਼ਿਕਾਰ ਹਨ, ਮਾਨਸਿਕ ਤਨਾਅ ਹੰਢਾ ਰਹੇ ਹਨ। ਤੁਹਾਡੇ ਅਨੁਸਾਰ ਕਿਸਾਨਾਂ ਨੂੰ ਇਸ ਤ੍ਰਾਸਦੀ ਵਿਚੋਂ ਕਿਵੇਂ ਬਾਹਰ ਕੱਢਿਆ ਜਾ ਸਕਦਾ ਹੈ?

**ਜਵਾਬ :** ਕਿਸਾਨਾਂ ਨੂੰ ਇਸ ਤ੍ਰਾਸਦੀ ਵਿਚੋਂ ਬਾਹਰ ਕੱਢਣ ਦਾ ਇੱਕੋ ਢੰਗ ਹੈ- ਭਗਵਾਨ ਦੀ ਰੱਖਿਆ ਲਈ ਖੇਤੀ ਸਤਿਸੰਗ ਸੁਣਿਆ ਜਾਵੇ।

ਭਗਵਾਨ ਭਾਵ ਭ+ਗ+ਵ+ਆ+ਨ, ਭੱਭਾ-ਭੂਮੀ ਭਾਵ ਮਿੱਟੀ, ਗੱਗਾ- ਗਗਨ ਭਾਵ ਆਕਾਸ਼,ਵਾਵਾ-ਵਾਯੂ ਭਾਵ ਹਵਾ, ਆ-ਆਗ ਭਾਵ ਅਗਨੀ, ਨੰਨਾ-ਨੀਰ ਭਾਵ ਪਾਣੀ ਦੀ ਰੱਖਿਆ ਲਈ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਖੇਤੀ ਮਾਡਲ ਨੂੰ ਅਮਲ ਵਿੱਚ ਲਿਆਂਦਾ ਜਾਵੇ। ਖੇਤੀ ਕਰਨ ਲਈ ਪੰਜ ਜੀਵਨਦਾਈ ਤੱਤਾਂ ਮਿੱਟੀ,ਹਵਾ,ਆਕਾਸ਼,ਅਗਨੀ ਅਤੇ ਪਾਣੀ ਦੀ ਸਹੀ ਢੰਗ ਨਾਲ ਵਰਤੋਂ ਦੀ ਜਾਂਚ ਸਿੱਖਣਾ ਹੀ ਖੇਤੀ ਸਤਿਸੰਗ ਦਾ ਉਦੇਸ਼ ਹੈ। ਅਸੀਂ ਇਸਨੂੰ ਕੁਦਰਤੀ ਖੇਤੀ ਜਾਂ ਜੈਵਿਕ ਖੇਤੀ ਦਾ ਨਾਂ ਦਿੰਦੇ ਹਾਂ। ਜੈਵਿਕ ਖੇਤੀ ਹੀ ਕਿਸਾਨਾਂ ਨੂੰ ਇਸ ਮਾਨਸਿਕ ਤ੍ਰਾਸਦੀ ਅਤੇ ਆਰਥਿਕ ਮੰਦਹਾਲੀ ਵਿੱਚੋਂ ਬਾਹਰ ਕੱਢਣ ਦਾ ਇੱਕੋ-ਇੱਕ ਹੱਲ ਹੈ।

**ਸਵਾਲ :** ਜੈਵਿਕ ਖੇਤੀ ਕੀ ਹੁੰਦੀ ਹੈ?

**ਜਵਾਬ :** ਜੈਵਿਕ ਖੇਤੀ ਮਾਹਰਾਂ ਦੁਆਰਾ ਸੁਝਾਇਆ ਗਿਆ ਖੇਤੀ ਕਰਨ ਦਾ ਢੰਗ ਹੈ ਜਿਹੜਾ ਕਿਸਾਨ ਦੀ ਆਰਥਿਕਤਾ ਮਜ਼ਬੂਤ ਕਰਨ, ਸਮਾਜ ਨੂੰ ਸਿਹਤਯਾਬ ਕਰਨ,ਸਾਡੇ ਕੁਦਰਤੀ ਸਾਧਨਾਂ ਨੂੰ ਬਚਾਉਣ ਲਈ ਬਹੁਤ ਲਾਹੇਵੰਦ ਹੈ। ਜੈਵਿਕ ਖੇਤੀ, ਕੁਦਰਤੀ ਸਿਸਟਮ ਅਨੁਸਾਰ ਖਾਦ ਤਿਆਰ ਕਰ ਕੇ ਜੀਵਨ ਦੇਣ ਵਾਲ਼ੀ ,ਜ਼ਹਿਰ ਮੁਕਤ ਖੇਤੀ ਉਤਪਾਦਨ ਕਰਨ ਦੀ ਵਿਧੀ ਹੈ। ਬਿਨਾਂ ਕਿਸੇ ਬਣਾਉਟੀ ਰਸਾਇਣ ਦੀ ਵਰਤੋਂ ਕੀਤਿਆਂ ਪੰਜ ਤੱਤਾਂ ਹਵਾ,ਪਾਣੀ,ਮਿੱਟੀ,ਅਗਨੀ, ਅਕਾਸ਼ ਦੀ ਸਹੀ ਢੰਗ ਨਾਲ ਵਰਤੋਂ ਕਰ ਕੇ ਪੈਦਾ ਕੀਤੀ ਜਾਣ ਵਾਲੀ ਉਪਜ ਨੂੰ ਜੈਵਿਕ ਖੇਤੀ ਕਹਿ ਸਕਦੇ ਹਾਂ।

**ਸਵਾਲ:** ਕੀ ਜੈਵਿਕ ਖੇਤੀ ਨੂੰ ਗੁਰੂ ਨਾਨਕ ਦੇਵ ਜੀ ਦੁਆਰਾ ਅਪਣਾਏ ਗਏ ਖੇਤੀ ਮਾਡਲ ਦਾ ਹੀ ਆਧੁਨਿਕ ਨਾਂ ਕਿਹਾ ਜਾ ਸਕਦਾ ਹੈ?

**ਜਵਾਬ:** ਜੀ ਬਿਲਕੁਲ, ਮੈਂ ਇਸ ਗੱਲ ਨਾਲ ਸਹਿਮਤ ਹਾਂ। ਸਾਡੀ ਸੰਸਥਾ ਵੱਲੋਂ ਦਿੱਤਾ ਗਿਆ ਨਾਅਰਾ "ਗੁਰਬਾਣੀ ਸੇਧਤ ਖੇਤੀ ਦੀ ਗੱਲ, ਕਰ ਦੇਵੇਗੀ ਸਾਰੇ ਮਸਲੇ ਹੱਲ" ਇਸ ਗੱਲ ਦੀ ਪੁਸ਼ਟੀ ਕਰਦਾ ਹੈ। ਗੁਰਬਾਣੀ ਜੀਵਨ ਦੇ ਹਰ ਪੱਖ ਦਾ, ਸਹੀ ਢੰਗ ਦੇ ਨਾ਼ਲ ਜਵਾਬ ਦੇਣ ਦੇ ਸਮਰੱਥ ਹੈ ਅਤੇ ਤੁਸੀਂ ਵੀ ਉਸ ਵਿੱਚੋਂ ਗੱਲ ਲੈ ਕੇ ਇੱਕ ਗੱਲ ਤੋਰੀ ਹੈ । ਖੇਤੀ ਦਾ ਗੁਰੂ ਨਾਨਕ ਮਾਡਲ ਅੱਜ ਦੇ ਸਮੇਂ ਦਾ ਵੱਡਾ ਸੱਚ ਹੈ। ਗੁਰੂ ਨਾਨਕ ਸਾਹਿਬ ਦੀ ਸੋਚ ਨੂੰ ਸ਼ਤ-ਸ਼ਤ ਨਮਨ ਹੈ। ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੇ ਸਿਧਾਂਤਾਂ ਉੱਪਰ ਚੱਲ ਕੇ ਅਸੀਂ ਆਪਣਾ ਜੀਵਨ ਸਫ਼ਲ ਕਰ ਸਕਦੇ ਹਾਂ। ਵਧੀਆ ਸਿਹਤਯਾਬ ਸਮਾਜ ਦਾ ਨਿਰਮਾਣ ਕਰ ਸਕਦੇ ਹਾਂ। ਗੁਰੂ ਨਾਨਕ ਸਾਹਿਬ ਨੇ ਆਪਣੇ ਜੀਵਨ ਦੇ ਆਖਰੀ ਸਾਢੇ ਸਤਾਰਾਂ ਸਾਲ ਇਸ ਖੇਤੀ ਦੇ ਕਿੱਤੇ ਵਿੱਚ ਗੁਜ਼ਾਰੇ। ਉਹਨਾਂ ਇਹ ਗੱਲ ਸਮਝਾਈ ਕਿ ਖੇਤੀ ਤੋਂ ਬਿਨਾਂ ਸਾਡਾ ਜੀਵਨ ਚੱਲ ਨਹੀਂ ਸਕਦਾ ਅਤੇ ਸਾਨੂੰ ਖੇਤੀ ਦੇ ਕਿੱਤੇ ਵਿੱਚ ਜ਼ਰੂਰ ਕਾਰਜਸ਼ੀਲ ਹੋਣਾ ਚਾਹੀਦਾ ਹੈ ਕਿਉਂਕਿ ਇਸ ਤੋਂ ਬਿਨਾਂ ਸਾਡਾ ਸਮਾਜ ਚੱਲ ਨਹੀਂ ਸਕਦਾ। ਜ਼ਰੂਰਤ ਹੈ ਕਿ ਅਸੀਂ ਗੁਰਬਾਣੀ ਤੋਂ ਸੇਧ ਲੈ ਕੇ ਕਾਸ਼ਤਕਾਰੀ ਨੂੰ ਗੁਰਬਾਣੀ ਦੇ ਸਿਧਾਂਤਾਂ ਅਨੁਸਾਰ ਢਾਲੀਏ।

**ਸਵਾਲ :** ਗੁਰੂ ਨਾਨਕ ਦੇਵ ਜੀ ਨੇ ਆਪਣੇ ਹੱਥੀਂ ਕਿਰਤ ਕਰਨ ,ਖੇਤੀ ਕਰਨ ਦੀ ਗੱਲ ਕੀਤੀ,ਉਹਨਾਂ ਖ਼ੁਦ ਹੱਥੀਂ ਕੁਦਰਤੀ ਖੇਤੀ ਜਿਸਨੂੰ ਆਪ ਜੈਵਿਕ ਖੇਤੀ ਕਹਿ ਰਹੇ ਹੋ ,ਅਪਣਾਈ ,ਪਰ ਹੁਣ ਕਿਸਾਨ ਹੱਥੀਂ ਖੇਤੀ ਕਰਨ ਦੀ ਥਾਂ ਤੇ ਜ਼ਮੀਨ ਠੇਕੇ ਤੇ ਦੇਣ ਨੂੰ ਤਰਜੀਹ ਦੇ ਰਿਹਾ ਹੈ? ਆਪ ਅਨੁਸਾਰ ਖੇਤੀ ਲਾਹੇਵੰਦ ਧੰਦਾ ਨਾ ਰਹਿਣ ਪਿੱਛੇ ਕੀ ਇਹ ਕਾਰਨ ਜ਼ਿੰਮੇਵਾਰ ਹੋ ਸਕਦਾ ਹੈ?

**ਜਵਾਬ:** ਗੁਰੂ ਨਾਨਕ ਸਾਹਿਬ ਵੱਲੋਂ "ਨਾਮ ਜਪੋ,ਕਿਰਤ ਕਰੋ ,ਵੰਡ ਛਕੋ" ਦਾ ਬਹੁਤ ਹੀ ਕਲਿਆਣਕਾਰੀ ਸਿੱਖੀ ਸਿਧਾਂਤ ਦਿੱਤਾ ਗਿਆ ਹੈ। ਹਰ ਇੱਕ ਨੂੰ ਕਿਰਤ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ। ਠੇਕੇ 'ਤੇ ਜ਼ਮੀਨ ਦੇ ਦੇਣਾ, ਆਪ ਕਾਸ਼ਤਕਾਰੀ ਨਾ ਕਰਨਾ,ਠੇਕਾ ਲੈ ਲੈਣਾ ਇਹ ਵੀ "ਗਰੀਡ ਰੈਵੋਲਿਊਸ਼ਨ" ਦੀ ਹੀ ਦੇਣ ਹੈ, ਜਿਹੜੀ ਵੱਧ ਤੋਂ ਵੱਧ ਉਤਪਾਦਨ ਲੈਣ ਲਈ ਨੈਤਿਕ ਅਤੇ ਅਨੈਤਿਕ ਹਰ ਤਰ੍ਹਾਂ ਦੇ ਤਰੀਕੇ ਵਰਤਣ ਨੂੰ ਉਤਸ਼ਾਹਿਤ ਕਰਦੀ ਹੈ। ਨਤੀਜੇ ਵਜੋਂ ਸਾਡਾ ਸਾਰਾ ਇੱਕੋ ਸਿਸਟਮ ਖਰਾਬ ਹੋ ਰਿਹਾ ਹੈ ਅਤੇ ਵਾਤਾਵਰਣ ਪ੍ਰਦੂਸ਼ਿਤ ਹੋ ਗਿਆ ਹੈ। ਇਸ ਪ੍ਰਦੂਸ਼ਿਤ ਵਾਤਾਵਰਨ ਵਿੱਚੋਂ ਜਿਹੜੀ ਉਪਜ ਪੈਦਾ ਹੋ ਰਹੀ ਹੈ ,ਉਹ ਜ਼ਹਿਰ ਯੁਕਤ ਪੈਦਾ ਹੋ ਰਹੀ ਹੈ। ਜਦੋਂ ਅਸੀਂ ਕੁਦਰਤ ਦੇ ਅਸੂਲਾਂ ਤੋਂ ਹਟ ਕੇ ਜੀਵਨ ਚਲਾਉਣ ਦੀ ਕੋਸ਼ਿਸ਼ ਕਰਾਂਗੇ ਤਾਂ ਉਹਦੇ ਵਿੱਚ ਸਾਨੂੰ ਬਹੁਤ ਵੱਡੀਆਂ ਜਿਹੜੀਆਂ ਸਮੱਸਿਆਵਾਂ ਦਰਪੇਸ਼ ਆਉਣਗੀਆਂ ਅਤੇ ਆ ਵੀ ਰਹੀਆਂ ਹਨ।

**ਸਵਾਲ:** ਰਸਾਇਣਿਕ ਖੇਤੀ ਅਤੇ ਜੈਵਿਕ ਖੇਤੀ ਦੀ ਸੰਖੇਪ ਵਿੱਚ ਆਪ ਤੁਲਨਾ ਕਿਵੇਂ ਕਰਦੇ ਹੋ?

**ਜਵਾਬ :** ਦਰਅਸਲ ਹੁਣ ਵੱਡੇ ਕਾਰਪੋਰੇਟ ਘਰਾਣੇ, ਵਪਾਰੀ ਵਰਗ ਇਹ ਚਾਹੁੰਦਾ ਹੈ ਕਿ ਉਹ ਰਸਾਇਣਿਕ ਖੇਤੀ ਉਪਜਾਂ ਦਾ ਬਦਲ ਜੈਵਿਕ ਖੇਤੀ ਉਤਪਾਦਾਂ ਵਜੋਂ ਪੇਸ਼ ਕਰੇ। ਪ੍ਰੰਤੂ ਕਿਸਾਨਾਂ ਨੂੰ ਇਸ ਤੋਂ ਵੀ ਅੱਗੇ ਦੀ ਸੋਚ ਅਪਣਾਉਣ ਦੀ ਜ਼ਰੂਰਤ ਹੈ ,ਉਹ ਸੋਚ ਹੈ - ਖੇਤੀ ਦਾ ਕੁਦਰਤੀਕਰਨ। ਕੁਦਰਤ ਨੇ ਜਿਸ ਢੰਗ ਨਾਲ ਜੀਵਨ ਨੂੰ ਬਣਾਇਆ ਅਤੇ ਚਲਾਇਆ ਹੈ ਉਹਨਾਂ ਅਸੂਲਾਂ ਨੂੰ ਸਮਝ ਕੇ ਭਾਵ ਜੀਵਨਦਾਈ ਪੰਜ ਤੱਤਾਂ ਦਾ ਸਹੀ ਨਿਆਂਪੂਰਨ ਪ੍ਰਬੰਧਨ ਕਰ ਕੇ, ਕੁਦਰਤ ਦੇ ਵਿਕਸਤ ਕੀਤੇ ਸਿਸਟਮ ਨੂੰ ਸਮਝ ਕੇ, ਇਹਨਾਂ ਨੂੰ ਸਾਂਭਣ ਲਈ ਕਾਰਗ਼ਰ ਪ੍ਰਬੰਧ ਕਰਨ ਦੀ ਜ਼ਰੂਰਤ ਹੈ। ਇਸ ਤਰ੍ਹਾਂ ਕਰਨ ਨਾ਼ਲ ਕਿਸਾਨਾਂ ਦਾ ਖੇਤੀ ਉੱਪਰ ਹੋਣ ਵਾਲਾ ਖਰਚਾ ਘਟੇਗਾ, ਖੇਤੀ ਲਾਹੇਵੰਦ ਧੰਦਾ ਬਣ ਜਾਵੇਗੀ,ਸਾਡਾ ਭੋਜਨ ਵੀ ਜ਼ਹਿਰ ਮੁਕਤ ਹੋਵੇਗਾ, ਸਾਡਾ ਸਮਾਜ ਖ਼ੁਸ਼ਹਾਲ ਅਤੇ ਤੰਦਰੁਸਤ ਹੋਵੇਗਾ। ਖੇਤੀ ਵਿੱਚ ਰਸਾਇਣਾਂ ਦੀ ਵਰਤੋਂ ਬੰਦ ਕਰ ਦੇਣ ਨਾਲ ਕੋਈ ਨੁਕਸਾਨ ਨਹੀਂ ਹੋਵੇਗਾ। ਰਸਾਇਣਿਕ ਖੇਤੀ ਵਿੱਚੋਂ ਰਸਾਇਣ ਕੱਢਣ ਨਾਲ ਵੀ ਖੇਤੀ ਨੂੰ ਕੋਈ ਫ਼ਰਕ ਨਹੀਂ ਪੈਂਦਾ ਉਹ ਖੇਤੀ ਹੀ ਰਹਿੰਦੀ ਹੈ , ਜੰਗਲ ਇਸ ਦੀ ਸਪੱਸ਼ਟ ਉਦਾਹਰਨ ਹਨ। ਪਰ ਕੁਦਰਤੀ ਖੇਤੀ ਵਿੱਚੋਂ ਕੁਦਰਤ ਕੱਢ ਦੇਣ ਨਾਲ ਬਾਕੀ ਕੁਝ ਵੀ ਨਹੀਂ ਬਚਦਾ ਰਸਾਇਣਿਕ ਖੇਤੀ ਵਿੱਚੋਂ ਵੀ ਕੁਦਰਤ ਨੂੰ ਬਾਹਰ ਨਹੀਂ ਕੱਢਿਆ ਜਾ ਸਕਦਾ। ਖੇਤੀ ਆਪਣੇ ਆਪ ਵਿੱਚ ਹੀ ਕੁਦਰਤੀ ਹੈ ਇਸ ਨੂੰ ਕੁਦਰਤੀ ਖੇਤੀ ਕਹਿਣਾ ਵੀ ਗ਼ੈਰ ਜ਼ਰੂਰੀ ਹੀ ਹੈ। ਖੇਤੀ ਦਾ ਕੁਦਰਤੀਕਰਨ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਇਸ ਲੋੜ ਨੂੰ ਸਮਝ ਕੇ ਹੀ ਅਸੀਂ ਖੇਤੀ ਕਿੱਤੇ ਨੂੰ ਪਵਿੱਤਰ ,ਉੱਤਮ ਅਤੇ ਲਾਹੇਵੰਦ ਬਣਾ ਸਕਦੇ ਹਾਂ।

**ਮੁਲਾਕਾਤੀ :- ਗੁਰਮੀਤ ਸਿੰਘ ਪਲਾਹੀ, ਕਮਲੇਸ਼ ਸੰਧੂ, ਹਰਜਿੰਦਰ ਨਿਆਣਾ।**

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# ivps

# India Visa & Passport Services

## ਸਾਰੇ ਹੀ ਕੰਮ ਬਹੁਤ ਹੀ ਸਸਤੇ ਰੇਟਾਂ ਤੇ ਕੀਤੇ ਜਾਂਦੇ ਹਨ।

| ਸੇਵਾਵਾਂ | SERVICES |
|---|---|
| ਪਾਸਪੋਰਟ ਨਵਾ ਬਣਾਉਣਾ ਹੋਵੇ ਜਾਂ ਉਸ ਦੀ ਤਰੀਕ ਵਧਾਉਣੀ ਹੋਵੇ | New or Renew Passport Application |
| ਇੰਡੀਆ ਜਾਣ ਲਈ ਵਾਪਸੀ ਪੱਤਰ ਲੈ ਕੇ ਪੱਕੇ ਤੋਰ ਤੇ ਇੰਡੀਆ ਜਾਣਾ ਹੋਵੇ | Emergency Certificate (EC)-Travel Document |
| ਇੰਡੀਆ ਦਾ ਵੀਜ਼ਾ ਲੈਣਾ ਹੋਵੇ | Sticker Visa or Evisa Application |
| Surrender ਸਰਟੀਫਕੇਟ ਲੈਣਾ ਹੋਵੇ | Renunciation/ Surrender Certificate application |
| OCI ਲੈਣ ਵਾਸਤੇ | OCI application |
| ਹੇਠ ਲਿਖੇ ਦਸਤਾਵੇਜ਼ਾਂ ਦੀ ਤਸਦੀਕ ਕਰਾਉਣੀ ਹੋਵੇ | Attestations of following documents |
| • ਪਾਵਰ ਆਫ ਅਟਾਰਨੀ ਅਟੈਸਟ ਕਰਵਾਉਣਾ ਹੋਵੇ | • Power of Attorney |
| • ਲ਼ਾਈਫ ਸਰਟੀਫਕੇਟ ਬਣਾਉਣ ਲਈ | • Life Certificate |
| • ਜੇਕਰ ਬੱਚਾ ਇੰਡੀਆ ਹੈ ਤਾਂ ਉਸ ਦਾ ਪਾਸਪੋਰਟ ਬਣਾਉਣ ਲਈ ਅਮਰੀਕਾ ਤੋਂ affidavit ਭੇਜਣਾ ਹੋਵੇ | • Affidavit for child passport to be issued India |
| • ਅਸਤ ਪਾਉਣ ਲਈ ਇੰਡੀਆ ਲੈਕੇ ਜਾਣ ਲਈ ਪੈਪਰ ਅਟੈਸਟ ਕਰਵਾਉਣੇ ਹੋਣ | • Death Documents Attestations - Transportation of Ashes/Mortal Remains to India |

**Surrender Certificate/ Visa ਜਾ Surrender Certificate/OCI ਲੈਣ ਲਈ Package Price ਵੀ ਦਿੰਦੇ ਹਾਂ।**









- ਅਸੀ ਤੁਹਾਡੀ ਸੇਵਾ ਵਿੱਚ 7 days a week ਹਾਜ਼ਰ ਹਾਂ।
- Emergency ਸਮੇਂ ਕਿਸੇ ਵੀ ਸਮੇਂ ਕਾਲ ਕਰੋ ਤੁਹਾਡੀ ਸੇਵਾ ਲਈ 24 ਘੰਟੇ ਹਾਜਰ ਹਾਂ। (Emergency ਸੇਵਾਵਾਂ ਦੇ ਵੱਖਰੇ ਪੈਸੇ ਲਏ ਜਾਣਗੇ)

**ਪਰੇਸ਼ਾਨ ਹੋਣ ਦੀ ਲੋੜ ਨਹੀ ਹੁਣੇ ਕਾਲ ਕਰੋ**

**Boota Singh Basi (209) 303-1260**


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


Punjabi Cultural Society of Tracy
18th Annual Tracy Teeyan
Sunday August 3, 2025
Ladies Only
I.P.F.E.S. Portuguese Hall of Tracy, 400 W 9th St. Tracy, CA
With
Miss Pooja
ਵੇ ਮੈਂ ਪਰੀਆਂ ਤੋਂ ਵੱਧ ਸੋਹਣੀ
Hosted by
Asha Sharma
Our Valuable
Sponsors
PLATINUM
SAHI REALTY
CATERING
TRACY LIQUOR
LATHROP LIQUOR
GOLD
Chevron
Dentistry
ROAD KING
TRUCK LINES
ADVANCED
Trucking
SANSAR
SILVER
LODI
RAUNAK BAZAR
Thank You For
Your Sponsorship
LEHERIYA
DESIGNS
MEDIA PARTNER
SANJHI SOCH
FOR SPONSORSHIP AND PARTICIPATION
PLEASE CONTACT
Tajinder Muhar (209) 640-9521
TICKET
$10.00 AFTER 3 PM | $25 KIDS UNDER 5 YEAR FREE
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਢਾਹਾਂ ਕਲੇਰਾਂ ਹਸਪਤਾਲ ਦੇ ਡਾ.ਵਿਵੇਕ ਗੁੰਬਰ ਨੇ ਹਾਰਟ ਫੇਲੀਅਰ ਨਾਲ ਜੂਝ ਰਹੇ 61 ਸਾਲਾ ਵਿਅਕਤੀ ਦੀ ਜਾਨ ਬਚਾਈ

ਬੰਗਾ
ਸਾਂਝੀ ਸੋਚ ਬਿਊਰੋ



ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੈਡੀਕਲ ਵਿਭਾਗ ਦੇ ਮੁਖੀ ਡਾ. ਵਿਵੇਕ ਗੁੰਬਰ ਨੇ ਦਿਲ ਦੀ ਕਾਰਜ ਪ੍ਰਣਾਲੀ ਫੇਲ ਹੋਣ ਕਰਕੇ ਦਿਲ ਦੀ ਪੰਪ ਕਰਨ ਦੀ ਸਮਰੱਥਾ ਸਿਰਫ਼ ਵੀਹ ਫੀਸਦੀ ਰਹਿ ਜਾਣ ਵਾਲੇ ਮਰੀਜ਼ ਪਿਆਰਾ ਲਾਲ ਉਮਰ 61 ਸਾਲ ਦੀ ਜਾਨ ਪੰਜ ਦਿਨ ਆਈ ਸੀ ਯੂ ਅਤੇ ਦੋ ਦਿਨ ਐਚ.ਡੀ.ਯੂ. ਵਾਰਡ ਵਿੱਚ ਰੱਖ ਕੇ ਵੈਂਟੀਲੇਟਰ (ਸਾਹ ਦੇਣ ਵਾਲੀ ਮਸ਼ੀਨ) ਦੀ ਮਦਦ ਨਾਲ ਮਿਆਰੀ ਇਲਾਜ ਕਰਕੇ ਬਚਾਏ ਜਾਣ ਦਾ ਸਮਾਚਾਰ ਹੈ। ਇਸ ਮੌਕੇ ਡਾ. ਵਿਵੇਕ ਗੁੰਬਰ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਉਕਤ ਮਰੀਜ਼ ਪਿਆਰਾ ਲਾਲ ਬਹੁਤ ਮਾੜੀ ਹਾਲਤ ਵਿਚ ਢਾਹਾਂ ਕਲੇਰਾਂ ਹਸਪਤਾਲ ਵਿਖੇ ਇਲਾਜ ਲਈ ਲਿਆਂਦਾ ਗਿਆ ਸੀ।

ਮਰੀਜ਼ ਦੇ ਦਿਲ ਦੀ ਕਾਰਜ ਕੁਸ਼ਲਤਾ ਪਹਿਲਾਂ ਹੀ ਘੱਟ ਸੀ ਜਿਸ ਕਾਰਨ ਮਰੀਜ਼ ਨੂੰ ਦਿਲ ਦਾ ਦੌਰਾ ਪਿਆ ਸੀ ਅਤੇ ਸਾਹ ਲੈਣ ਵਿੱਚ ਦਿੱਕਤ ਹੋ ਰਹੀ ਸੀ। ਡਾ. ਸਾਹਿਬ ਨੇ ਦੱਸਿਆ ਕਿ ਹਸਪਤਾਲ ਵਿੱਚ ਦਾਖਲੇ ਸਮੇਂ ਮਰੀਜ਼ ਨੂੰ ਸਾਹ ਚੜ੍ਹ ਰਿਹਾ ਸੀ, ਛਾਤੀ ਵਿੱਚ ਤੇਜ਼ ਦਰਦ ਹੋ ਰਿਹਾ ਸੀ ਅਤੇ ਮਰੀਜ਼ ਦਾ ਬਲੱਡ ਪ੍ਰੈਸ਼ਰ ਰਿਕਾਰਡ ਨਹੀਂ ਹੋ ਰਿਹਾ ਸੀ। ਡਾਕਟਰਾਂ ਦੀ ਟੀਮ ਨੇ ਫੌਰੀ ਤੌਰ 'ਤੇ ਬਲੱਡ ਪ੍ਰੈਸ਼ਰ ਵਧਾਉਣ ਲਈ ਇਨਫਿਊਜਨ ਪੰਪ ਦੀ ਮਦਦ ਨਾਲ ਆਈਨੋਟਰੌਪਸ ਸ਼ੁਰੂ ਕੀਤੇ ਗਏ, ਸਾਹ ਲਈ ਵੈਂਟੀਲੇਟਰ ਲਗਾਇਆ ਗਿਆ। ਡਾਕਟਰ ਵਿਵੇਕ ਗੁੰਬਰ ਦੀ ਅਗਵਾਈ ਵਿਚ ਮਰੀਜ਼ ਪਿਆਰਾ ਲਾਲ ਦਾ ਪਹਿਲੇ ਪੰਜ ਦਿਨ ਆਈ.ਸੀ.ਯੂ. ਵਿਚ ਵੈਂਟੀਲੇਟਰ, ਇਨਫਿਊਜਨ ਪੰਪ ਅਤੇ ਹੋਰ ਆਧੁਨਿਕ ਮੈਡੀਕਲ ਯੰਤਰਾਂ ਦੀ ਸਹਾਇਤਾ ਨਾਲ ਵਧੀਆ ਇਲਾਜ ਤੇ ਨਰਸਿੰਗ ਕੇਅਰ ਕਰਨ ਉਪਰੰਤ ਦੋ ਦਿਨ ਵਿਸ਼ੇਸ਼ ਐਚ.ਡੀ.ਯੂ. ਵਾਰਡ ਵਿਚ ਕੀਤੇ ਵਧੀਆ ਇਲਾਜ ਉਪਰੰਤ ਮਰੀਜ਼ ਬਿਲਕੁੱਲ ਤੰਦਰੁਸਤ ਹੈ। ਇਸ ਮੌਕੇ ਮਰੀਜ਼ ਦੇ ਪਰਿਵਾਰ ਵੱਲੋਂ ਉਹਨਾਂ ਦੇ ਮਰੀਜ਼ ਪਿਆਰਾ ਲਾਲ ਦਾ ਵਧੀਆ ਇਲਾਜ ਕਰਕੇ ਜਾਨ ਬਚਾਉਣ ਲਈ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਡਾਕਟਰ ਵਿਵੇਕ ਗੁੰਬਰ, ਸਮੂਹ ਮੈਡੀਕਲ ਅਫਸਰਾਂ ਅਤੇ ਨਰਸਿੰਗ ਸਟਾਫ਼ ਦਾ ਹਾਰਦਿਕ ਧੰਨਵਾਦ ਕੀਤਾ। ਡਾ. ਵਿਵੇਕ ਗੁੰਬਰ ਨੇ ਦੱਸਿਆ ਕਿ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੈਡੀਕਲ ਵਿਭਾਗ ਆਧੁਨਿਕ ਆਈ ਸੀ ਯੂ, ਆਈ ਸੀ ਸੀ ਯੂ, ਆਧੁਨਿਕ ਵੈਂਟੀਲੇਟਰਾਂ, ਆਟੋਮੈਟਿਕ ਇਨਫਿਊਜਨ ਪੰਪ, ਕਾਰਡੀਅਕ ਮੋਨੀਟਰ ਅਤੇ ਹੋਰ ਨਵੀਨਤਮ ਉਪਕਰਨਾਂ ਨਾਲ ਲੈਸ ਹੈ, ਜਿਸ ਕਰਕੇ ਇਥੇ ਹਰ ਤਰ੍ਹਾਂ ਦੇ ਗੰਭੀਰ ਹਾਲਤ ਵਾਲੇ ਮਰੀਜ਼ਾਂ ਦਾ ਵਧੀਆ ਇਲਾਜ ਹੋ ਰਿਹਾ ਹੈ।

# ਸੂਬੇ ਦੇ ਸਨਅਤਕਾਰਾਂ ਵੱਲੋਂ ਮੱਧ ਪ੍ਰਦੇਸ਼ ਵਿਚ ਹਜ਼ਾਰਾਂ ਕਰੋੜ ਰੁਪਏ ਦੇ ਨਿਵੇਸ਼ ਦਾ ਫੈਸਲਾ ਪੰਜਾਬ ਲਈ ਖਤਰੇ ਦੀ ਘੰਟੀ- ਬਲਬੀਰ ਸਿੱਧੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕੱਲ ਲੁਧਿਆਣਾ ਵਿਖੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਦੀ ਹਾਜ਼ਰੀ ਵਿਚ ਸੂਬੇ ਦੇ ਸਨਅਤਕਾਰਾਂ ਵਲੋਂ ਮੱਧ ਪ੍ਰਦੇਸ਼ ਵਿਚ ਹਜ਼ਾਰਾਂ ਕਰੋੜ ਰੁਪਏ ਦਾ ਨਿਵੇਸ਼ ਕਰਨ ਦੇ ਫੈਸਲੇ ਉਤੇ ਡੂੰਘ ਚਿੰਤਾ ਪ੍ਰਗਟਾਉਂਦਿਆਂ ਕਿਹਾ ਹੈ ਕਿ ਇਸ ਖ਼ਬਰ ਨਾਲ ਆਮ ਆਦਮੀ ਪਾਰਟੀ ਵਲੋਂ ਪੰਜਾਬ ਨੂੰ ਨਿਵੇਸ਼ ਪੱਖੋਂ ਮੁਲਕ ਦਾ ਇਕ ਨੰਬਰ ਸੂਬਾ ਬਣਾਉਣ ਦੇ ਦਾਅਵਿਆਂ ਦੀ ਪੋਲ੍ਹ ਖੁੱਲ ਗਈ ਹੈ।

ਸਿੱਧੂ ਨੇ ਕਿਹਾ ਕਿ ਖ਼ਬਰਾਂ ਅਨੁਸਾਰ ਕੱਲ ਲੁਧਿਆਣਾ ਵਿਖੇ ਹੋਈ ਇਕ ਮੀਟਿੰਗ ਦੌਰਾਨ ਸੂਬੇ ਦੇ ਸਾਰੇ ਵੱਡੇ ਸਨਅਤੀ ਘਰਾਣਿਆਂ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਨੂੰ ਉਨ੍ਹਾਂ ਦੇ ਸੂਬੇ ਵਿਚ 15,000 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕਰਨ ਦਾ ਭਰੋਸਾ ਦੁਆਇਆ।

ਉਹਨਾਂ ਕਿਹਾ ਕਿ ਪੰਜਾਬ ਦੇ ਇਕ ਵੱਡੇ ਸਨਅਤੀ ਘਰਾਣੇ ਟ੍ਰਾਈਡੈਂਟ ਦੇ ਮੁੱਖੀ ਰਾਜਿੰਦਰ ਗੁਪਤਾ ਨੇ ਇਸ ਮੌਕੇ ਦਸਿਆ ਕਿ ਆਉਣ ਵਾਲੇ ਦੋ ਸਾਲਾਂ ਵਿਚ ਉਹਨਾਂ ਵਲੋਂ ਮੱਧ ਪ੍ਰਦੇਸ਼ ਵਿਚ ਪੰਜ ਲੱਖ ਕਰੋੜ ਰੁਪਏ ਦੇ ਨਿਵੇਸ਼ ਦਾ ਟੀਚਾ ਪੂਰਾ ਹੋ ਜਾਵੇਗਾ। ਉਹਨਾਂ ਹੋਰ ਦਸਿਆ ਕਿ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਨਾਲ ਹੋਈ ਮੀਟਿੰਗ ਦੌਰਾਨ ਟ੍ਰਾਈਡੈਂਟ ਦੇ ਰਾਜਿੰਦਰ ਗੁਪਤਾ, ਵਰਧਮਾਨ ਦੇ ਐਸ.ਪੀ. ਓਸਵਾਲ, ਨਾਹਰ ਗਰੁੱਪ ਦੇ ਦਿਨੇਸ਼ ਓਸਵਾਲ, ਰਾਲਸਨ ਟਾਇਰਜ਼ ਦੇ ਸੰਜੀਵ ਪਾਹਵਾ ਸਮੇਤ ਸੂਬੇ ਦੇ ਸਾਰੇ ਪ੍ਰਮੁੱਖ ਸਨਅਤਕਾਰ ਮੌਜੂਦ ਸਨ।

ਕਾਂਗਰਸੀ ਆਗੂ ਨੇ ਕਿਹਾ ਕਿ ਇਸ ਮੀਟਿੰਗ ਵਿਚ ਮੌਜੂਦ ਹਰ ਸਨਅਤਕਾਰ ਨੇ ਕਿਹਾ ਕਿ ਮੱਧ ਪ੍ਰਦੇਸ਼ ਵਿਚ ਪੰਜਾਬ ਨਾਲੋਂ ਕਿਤੇ ਬਿਹਤਰ ਸਹੂਲਤਾਂ ਤੇ ਸਨਅਤ ਪੱਖੀ ਮਾਹੌਲ ਹੈ। ਉਹਨਾਂ ਕਿਹਾ ਕਿ ਲੁਧਿਆਣਾ ਦੀ ਰੰਗਾਈ ਸਨਅਤ ਦੇ ਪ੍ਰਤੀਨਿਧੀਆਂ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਆਪਣੀਆਂ ਸਨਅਤੀ ਇਕਾਈਆਂ ਨੂੰ ਉਥੇ ਤਬਦੀਲ ਕਰਨ ਲਈ ਲੋੜੀਦੀਆਂ ਸਹੂਲਤਾਂ ਮੁਹੱਈਆਂ ਕਰਾਉਣ ਲਈ ਦਿਤੇ ਮੈਮੋਰੰਡਮ ਵਿਚ ਇਹ ਵੀ ਕਿਹਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਉਹਨਾਂ ਨੂੰ ਆਪਣੀਆਂ ਸਮੱਸਿਆਵਾਂ ਸੁਣਾਉਣ ਲਈ ਤਿੰਨ ਸਾਲਾਂ ਤੋਂ ਮੰਗਿਆ ਜਾ ਰਿਹਾ ਸਮਾਂ ਨਹੀਂ ਦੇ ਰਹੇ। ਸਿੱਧੂ ਨੇ ਕਿਹਾ ਕੱਲ ਲੁਧਿਆਣਾ ਵਿਚ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ. ਮੋਹਨ ਯਾਦਵ ਦੀਆਂ ਦਿਨ ਭਰ ਚੱਲੀਆਂ ਸਰਗਰਮੀਆਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਲੁਧਿਆਣਾ ਪੱਛਮੀ ਹਲਕੇ ਤੋਂ ਜਿੱਤੇ ਸਨਅਤਕਾਰ ਸੰਜੀਵ ਅਰੋੜਾ ਨੂੰ ਮੰਤਰੀ ਬਣਾਉਣ ਦਾ ਸਨਅਤਕਾਰਾਂ ਉਤੇ ਭੋਰਾ ਵੀ ਅਸਰ ਨਹੀਂ ਹੈ ਅਤੇ ਨਾ ਹੀ ਉਹਨਾਂ ਨੇ ਇਸ ਚੋਣ ਦੌਰਾਨ ਸਨਅਤਕਾਰਾਂ ਨੂੰ ਰਿਆਇਤਾਂ ਦੇ ਵਿਖਾਏ ਗਏ ਸਬਜ਼ ਬਾਗਾਂ ਦਾ ਹੀ ਕੋਈ ਪ੍ਰਭਾਵ ਹੈ। ਸਿੱਧੂ ਨੇ ਕਿਹਾ ਕਿ ਪੰਜਾਬ ਦੀ ਦਿਨੋ ਦਿਨ ਨਿੱਘਰਦੀ ਜਾ ਰਹੀ ਅਮਨ-ਕਾਨੂੰਨ ਦੀ ਸਥਿਤੀ, ਹਰ ਪੱਧਰ ਉਤੇ ਫੈਲਿਆ ਭ੍ਰਿਸ਼ਟਾਚਾਰ, ਉਦਾਸੀਨ ਅਫਸਰਸ਼ਾਹੀ ਅਤੇ ਸੂਬੇ ਦੀ ਮਾੜੀ ਆਰਥਿਕ ਹਾਲਤ ਨੇ ਅਜਿਹਾ ਮਾਹੌਲ ਸਿਰਜ ਦਿੱਤਾ ਹੈ ਕਿ ਸੂਬੇ ਵਿਚ ਬਾਹਰਲੇ ਨਿਵੇਸ਼ ਦੀ ਤਾਂ ਗੱਲ ਛੱਡੋ, ਇਥੋਂ ਦੇ ਸਨਅਤਕਾਰ ਹੀ ਬਾਹਰਲੇ ਸੂਬਿਆਂ ਵਿਚ ਨਿਵੇਸ਼ ਕਰ ਰਹੇ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੋਲ ਪੰਜਾਬ ਦੀ ਤਰੱਕੀ ਦਾ ਮਾਡਲ ਤੇ ਦ੍ਰਿਸ਼ਟੀ ਨਾ ਹੋਣ ਕਾਰਨ ਪੰਜਾਬ ਤਬਾਹੀ ਦੇ ਕੰਢੇ ਪਹੁੰਚ ਗਿਆ ਹੈ ਜਿਸ ਦੀਆਂ ਨਿਸ਼ਾਨੀਆਂ ਕੱਲ ਲੁਧਿਆਣਾ ਵਿਖੇ ਪ੍ਰਗਟ ਹੋਈਆਂ ਹਨ।

ਉਹਨਾਂ ਕਿਹਾ ਕਿ ਪੰਜਾਬ ਦੀਆਂ ਸਾਰੀਆਂ ਰਾਜਸੀ ਪਾਰਟੀਆਂ, ਪੰਜਾਬ ਹਿਤੈਸ਼ੀ ਜਥੇਬੰਦੀਆਂ ਅਤੇ ਸੂਬੇ ਦੇ ਦਾਨਸ਼ਮੰਦਾਂ ਨੂੰ ਸਿਰ ਜੋੜ ਕੇ ਕਿ ਸੂਬੇ ਨੂੰ ਬਚਾਉਣ ਲਈ ਸਿਰ ਜੋੜ ਕੇ ਸੋਚਣਾ ਚਾਹੀਦਾ ਹੈ।

# ਬੈਕਫਿੰਕੋ ਦੇ ਬੋਰਡ ਆਫ ਡਾਇਰੈਕਟਰਜ ਦੇ ਨਵ ਨਿਯੁਕਤ 2 ਡਾਇਰੈਕਟਰਜ ਨੇ ਅਹੁਦਾ ਸੰਭਾਲਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਪੰਜਾਬ ਪਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਦੇ ਬੋਰਡ ਆਫ ਡਾਇਰੈਕਟਰਜ ਦੇ ਨਿਯੁਕਤ ਕੀਤੇ ਗਏ ਨਾਨ-ਆਫਿਸ਼ੀਅਲ ਡਾਇਰੈਕਟਰ ਦਿਨੇਸ਼ ਕੁਮਾਰ ਅਤੇ ਜਸਵੀਰ ਸਿੰਘ ਵੱਲੋਂ ਅੱਜ ਚੰਡੀਗੜ੍ਹ ਵਿਖੇ ਸਥਿਤ ਬੈਕਫਿੰਕੋ ਮੁੱਖ ਦਫਤਰ ਵਿਖੇ ਚੇਅਰਮੈਨ, ਬੈਕਫਿੰਕੋ ਸੰਦੀਪ ਸੈਣੀ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲ ਲਿਆ। ਇਸ ਮੌਕੇ ਇੰਦਰਜੀਤ ਕੌਰ ਮਾਨ, ਐਮ.ਐਲ.ਏ ਨਕੋਦਰ, ਬੈਕਫਿੰਕੋ ਦੇ ਕਾਰਜਕਾਰੀ ਡਾਇਰੈਕਟਰ ਜੀ.ਐਸ.ਸਹੋਤਾ, ਆਈ.ਏ.ਐਸ, ਵਿਕਾਸ ਸੈਣੀ, ਚੇਅਰਮੈਨ, ਮਾਰਕਿਟ ਕਮੇਟੀ ਪਠਾਨਕੋਟ, ਅਨਿਲ ਮਹਾਜਨ, ਮੈਂਬਰ, ਪੰਜਾਬ ਵਪਾਰੀ ਮੰਡਲ ਕਮਿਸ਼ਨ ਅਤੇ ਹੋਰ ਪਤਵੰਤੇ ਮੌਜੂਦ ਸਨ।


## ਦੁਲਹਨ ਦੀ ਲੋੜ

28-year-old Hindu vegetarian male, 5'8 tall, US citizen working as a pharmacist, is seeking a Hindu vegetarian girl for marriage. He is simple and family-oriented.Horoscope matching is important to the family. Interested please call at (209)535-7978.

28 ਸਾਲਾ ਹਿੰਦੂ ਸ਼ਾਕਾਹਾਰੀ ਲੜਕੇ, ਕੱਦ 5'8", ਅਮਰੀਕੀ ਨਾਗਰਿਕ ਜੋ ਫਾਰਮਾਸਿਸਟ ਵਜੋਂ ਕੰਮ ਕਰਦਾ ਹੈ, ਲਈ ਹਿੰਦੂ ਸ਼ਾਕਾਹਾਰੀ ਲੜਕੀ ਦੀ ਜ਼ਰੂਰਤ ਹੈ। ਕੁੰਡਲੀ ਦਾ ਮੇਲ ਪਰਿਵਾਰ ਲਈ ਮਹੱਤਵਪੂਰਨ ਹੈ। ਦਿਲਚਸਪੀ ਰੱਖਣ ਵਾਲੇ ਕਿਰਪਾ ਕਰਕੇ (209)535-7978 'ਤੇ ਕਾਲ ਕਰ ਸਕਦੇ ਹਨ।



## ਦੁਲਹਨ ਦੀ ਲੋੜ

1991 born medical graduate **Dr.Vishwas Luthra**, fair complexion, height 5'9", working as Medical Officer for Government of Punjab (PCMS-1) passed USMLE STEP1, STEP2 Clinical Skills, STEP 2 Clinical knowledge, ECFMG certified Planning for internal medicine residency in US/ India, requires a suitable girl.
Contact:**92162-04223**
email: maruti_tools@yahoo.com





# ਸ੍ਰੀ ਗੁਰੂ ਰਵਿਦਾਸ ਟੈਂਪਲ ਪਿਟਸਬਰਗ ਦਾ 40ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ


























Courtesy: Ramesh Suman, Vinod Kumar

Photos & Videography By:
**Pal Films**
(925 489 3400)

# ਸ੍ਰੀ ਗੁਰੂ ਰਵਿਦਾਸ ਟੈਂਪਲ ਪਿਟਸਬਰਗ ਦਾ 40ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ




















Courtesy: Ramesh Suman, Vinod Kumar

Photos & Videography By:
Pal Films
(925 489 3400)

# ਸ੍ਰੀ ਗੁਰੂ ਰਵਿਦਾਸ ਟੈਂਪਲ ਪਿਟਸਬਰਗ ਦਾ 40ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ




















Courtesy: Ramesh Suman, Vinod Kumar

Photos & Videography By:
**Pal Films**
(925 489 3400)

# ਸ੍ਰੀ ਗੁਰੂ ਰਵਿਦਾਸ ਟੈਂਪਲ ਪਿਟਸਬਰਗ ਦਾ 40ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ




















**Courtesy: Ricky Pal**

Photos & Videography By:
**Pal Films**
(925 489 3400)

# ਸ੍ਰੀ ਗੁਰੂ ਰਵਿਦਾਸ ਟੈਂਪਲ ਪਿਟਸਬਰਗ ਦਾ 40ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ




















Courtesy: Boota Singh Basi, Sanjhi Soch T.V & Newspaper

Photos & Videography By:
**Pal Films**
(925 489 3400)

# ਵਿੱਤ ਮੰਤਰੀ ਅਤੇ ਸਥਾਨਕ ਸਰਕਾਰਾਂ ਮੰਤਰੀ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਜੋ ਮੁਲਾਜ਼ਮਾਂ ਦੇ ਮੁੱਦਿਆਂ ਦੇ ਹੱਲ ਲਈ ਬਣਾਈ ਗਈ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਹਨ, ਨੇ ਅੱਜ ਸਥਾਨਕ ਸਰਕਾਰਾਂ ਵਿਭਾਗ ਦੀਆਂ ਵੱਖ-ਵੱਖ ਯੂਨੀਅਨਾਂ ਨਾਲ ਕਈ ਮੀਟਿੰਗਾਂ ਕੀਤੀਆਂ। ਤਿੰਨ ਘੰਟਿਆਂ ਤੋਂ ਵੱਧ ਸਮੇਂ ਤੱਕ ਚੱਲੇ ਵਿਚਾਰ-ਵਟਾਂਦਰੇ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਵਿੱਚ ਉਨ੍ਹਾਂ ਨਾਲ ਮੌਜੂਦ ਸਨ।ਇਨ੍ਹਾਂ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਫਾਈ ਮਜ਼ਦੂਰ ਫੈਡਰੇਸ਼ਨ ਸੀਵਰਮੈਨ ਯੂਨੀਅਨ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਆਊਟਸੋਰਸਡ ਵਰਕਰ ਯੂਨੀਅਨ, ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ, ਪੰਜਾਬ ਜਲ ਸਪਲਾਈ ਅਤੇ ਸੀਵਰੇਜ ਕਰਮਚਾਰੀ ਕੰਟਰੈਕਟਰ ਵਰਕਰਜ਼ ਯੂਨੀਅਨ, ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ, ਪੰਜਾਬ ਫਾਇਰ ਸੀਵਰਮੈਨ ਕੱਚੇ ਮੁਲਾਜ਼ਮ ਯੂਨੀਅਨ (ਕੰਟਰੈਕਟ), ਅਤੇ ਫਾਇਰ ਸੀਵਰਮੈਨ ਕੱਚੇ ਮੁਲਾਜ਼ਮ ਯੂਨੀਅਨ (ਆਊਟਸੋਰਸ) ਦੇ ਨੁਮਾਇੰਦਿਆਂ ਵੱਲੋਂ ਸਾਂਝੇ ਕੀਤੇ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਇਸ ਗੱਲਬਾਤ ਦੌਰਾਨ ਵਧੀਕ ਮੁੱਖ ਸਕੱਤਰ ਵਿੱਤ ਆਲੋਕ ਸ਼ੇਖਰ, ਵਧੀਕ ਮੁੱਖ ਸਕੱਤਰ ਸਥਾਨਕ ਸਰਕਾਰ ਤੇਜਵੀਰ ਸਿੰਘ, ਮੁੱਖ ਕਾਰਜਕਾਰੀ ਅਧਿਕਾਰੀ ਪੀ.ਐਮ.ਆਈ.ਡੀ.ਸੀ ਦੀਪਤੀ ਉੱਪਲ ਅਤੇ ਵਧੀਕ ਸਕੱਤਰ ਪ੍ਰਸੋਨਲ ਨਵਜੋਤ ਕੌਰ ਸਮੇਤ ਸੀਨੀਅਰ ਅਧਿਕਾਰੀ ਮੌਜੂਦ ਸਨ।ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਥਾਨਕ ਸਰਕਾਰ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਉਹ ਇਨ੍ਹਾਂ ਕਰਮਚਾਰੀ ਯੂਨੀਅਨਾਂ ਦੁਆਰਾ ਉਠਾਈਆਂ ਗਈਆਂ ਮੁੱਖ ਸਮੱਸਿਆਵਾਂ ਅਤੇ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਲਈ ਇੱਕ ਵਿਆਪਕ ਪ੍ਰਸਤਾਵ ਤਿਆਰ ਕਰਨ।



ਉਨ੍ਹਾਂ ਵਿਭਾਗ ਨੂੰ ਇਨ੍ਹਾਂ ਕਰਮਚਾਰੀਆਂ ਨੂੰ ਗਰੁੱਪ ਬੀਮਾ ਕਵਰੇਜ ਮੁਹੱਈਆ ਕਰਵਾਉਣ ਦੀਆਂ ਸੰਭਾਵਨਾਵਾਂ ਬਾਰੇ ਪੜਚੋਲ ਕਰਨ ਦੇ ਨਿਰਦੇਸ਼ ਵੀ ਦਿੱਤੇ। ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਉਂਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਲਈ ਢੁਕਵੇਂ ਹੱਲ ਲੱਭਣ ਦੀ ਅਟੱਲ ਵਚਨਬੱਧਤਾ ਨੂੰ ਦੁਹਰਾਇਆ।ਇਸ ਚਰਚਾ ਦੌਰਾਨ ਸਫ਼ਾਈ ਮਜ਼ਦੂਰ ਫੈਡਰੇਸ਼ਨ ਸੀਵਰਮੈਨ ਯੂਨੀਅਨ ਤੋਂ ਰਾਜਾ ਹੰਸ, ਨਰੇਸ਼ ਕੁਮਾਰ ਅਤੇ ਜੁਗਿੰਦਰਪਾਲ; ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਆਊਟਸੋਰਸਡ ਵਰਕਰ ਯੂਨੀਅਨ ਤੋਂ ਗੁਰਦੇਵ ਸਿੰਘ, ਬਲਦੇਵ ਸਿੰਘ ਅਤੇ ਅਮਿਤ ਕੁਮਾਰ; ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਤੋਂ ਗੋਪਾਲ ਥਾਪਰ ਅਤੇ ਕੁਲਵੰਤ ਸਿੰਘ ਸੈਣੀ; ਪੰਜਾਬ ਜਲ ਸਪਲਾਈ ਅਤੇ ਸੀਵਰੇਜ ਕਰਮਚਾਰੀ ਠੇਕੇਦਾਰ ਵਰਕਰਜ਼ ਯੂਨੀਅਨ ਤੋਂ ਸ਼ੇਰ ਸਿੰਘ ਖੰਨਾ ਅਤੇ ਗਗਨਦੀਪ ਸਿੰਘ; ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਤੋਂ ਵਿਨੋਦ ਬਿੱਟਾ, ਸੁਰਿੰਦਰ ਟੋਨਾ ਅਤੇ ਪਵਨ ਗੋਦਿਆਲ; ਪੰਜਾਬ ਫਾਇਰ ਸੀਵਰਮੈਨ ਕੱਚੇ ਮੁਲਾਜ਼ਮ ਯੂਨੀਅਨ (ਕੰਟਰੈਕਟ) ਤੋਂ ਸੋਭਾ ਸਿੰਘ ਅਤੇ ਸਾਹਿਬ ਸਿੰਘ; ਅਤੇ ਫਾਇਰ ਸੀਵਰਮੈਨ ਕੱਚੇ ਮੁਲਾਜ਼ਮ ਯੂਨੀਅਨ (ਆਊਟਸੋਰਸ) ਤੋਂ ਅਮਨਜੋਤ ਸਿੰਘ ਨੇ ਕੈਬਨਿਟ-ਸਬ ਕਮੇਟੀ ਸਾਹਮਣੇ ਆਪਣੀਆਂ ਮੰਗਾਂ ਪੇਸ਼ ਕੀਤੀਆਂ।

# ਪੰਜਾਬ ਪੁਲਿਸ ਨੇ ਪੰਜਾਬ ਅਤੇ ਮੱਧ ਪ੍ਰਦੇਸ਼ ਵਿੱਚ ਮਿੱਥ ਕੇ ਹੱਤਿਆ ਕਰਨ ਦੀ ਸਾਜ਼ਿਸ਼ ਨੂੰ ਕੀਤਾ ਨਾਕਾਮ, ਜਲੰਧਰ ਵਿੱਚ ਲਾਰੈਂਸ ਬਿਸ਼ਨੋਈ ਗੈਂਗ ਦਾ ਕਾਰਕੁੰਨ ਕਾਬੂ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ (ਸੀਆਈ) ਜਲੰਧਰ ਦੀ ਟੀਮ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ ਮੁੱਖ ਆਪਰੇਟਿਵ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫਤਾਰ ਕਰਕੇ ਗਿਰੋਹ ਵੱਲੋਂ ਪੰਜਾਬ ਅਤੇ ਮੱਧ ਪ੍ਰਦੇਸ਼ ਵਿੱਚ ਮਿੱਥ ਕੇ ਹੱਤਿਆ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਮੰਗਲਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਕਪੂਰਥਲਾ ਦੇ ਫਗਵਾੜਾ ਵਿੱਚ ਰਹਿਣ ਵਾਲੇ ਹਿਮਾਂਸ਼ੂ ਸੂਦ ਵਜੋਂ ਹੋਈ ਹੈ। ਪੰਜਾਬ ਪੁਲਿਸ ਨੇ ਮੁਲਜ਼ਮ ਦੇ ਕਬਜ਼ੇ ਚੋਂ ਇੱਕ .30 ਬੋਰ ਦਾ ਚੀਨੀ ਪੀਐਕਸ3 ਪਿਸਤੌਲ, ਇੱਕ .32 ਬੋਰ ਦਾ ਪਿਸਤੌਲ ਅਤੇ ਦੋ ਮੈਗਜ਼ੀਨਾਂ ਸਮੇਤ ਸੱਤ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਹਿਮਾਂਸ਼ੂ ਆਪਣੇ ਗੈਂਗ ਮੈਂਬਰਾਂ ਨਾਲ ਮਿਲ ਕੇ ਆਪਣੇ ਦੁਬਈ ਸਥਿਤ ਹੈਂਡਲਰ ਨਮਿਤ ਸ਼ਰਮਾ ਦੇ ਨਿਰਦੇਸ਼ਾਂ ਹੇਠ ਇੱਕ ਅੰਤਰ-ਰਾਜੀ ਗੈਂਗ ਚਲਾ ਰਿਹਾ ਸੀ। ਉਨ੍ਹਾਂ ਦੱਸਿਆ ਕਿ ਨਮਿਤ ਸ਼ਰਮਾ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਕਰੀਬੀ ਸਾਥੀ ਹੈ। ਉਨ੍ਹਾਂ ਅੱਗੇ ਕਿਹਾ, ''ਜੂਨ 2025 ਵਿੱਚ, ਮੁਲਜ਼ਮ ਹਿਮਾਂਸ਼ੂ ਸੂਦ ਨੇ ਹੋਰ ਗੈਂਗ ਮੈਂਬਰਾਂ ਨਾਲ ਮਿਲ ਕੇ ਆਪਣੇ ਹੈਂਡਲਰ ਨਮਿਤ ਸ਼ਰਮਾ ਦੇ ਨਿਰਦੇਸ਼ਾਂ 'ਤੇ ਹਰਿਦੁਆਰ ਵਿੱਚ ਇੱਕ ਹੋਟਲ ਮਾਲਕ ਅਰੁਣ 'ਤੇ ਗੋਲੀਆਂ ਚਲਾਈਆਂ ਸਨ''।




ਡੀਜੀਪੀ ਨੇ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਹਿਮਾਂਸ਼ੂ ਨੂੰ ਉਸਦੇ ਹੈਂਡਲਰ ਨੇ ਕ੍ਰਮਵਾਰ ਮੱਧ ਪ੍ਰਦੇਸ਼, ਲੁਧਿਆਣਾ ਅਤੇ ਕਪੂਰਥਲਾ ਸਮੇਤ ਤਿੰਨ ਟਾਰਗੇਟਸ ਨੂੰ ਖਤਮ ਕਰਨ ਦਾ ਕੰਮ ਸੌਂਪਿਆ ਸੀ। ਸੀ.ਆਈ. ਜਲੰਧਰ ਦੀ ਟੀਮ ਨੇ ਜਨਤਕ ਸੁਰੱਖਿਆ ਲਈ ਇੱਕ ਵੱਡੇ ਖ਼ਤਰੇ ਨੂੰ ਟਾਲਦੇ ਹੋਏ ਇਸ ਟਾਰਗੇਟ ਕਿਲਿੰਗ ਮਾਡਿਊਲ ਨੂੰ ਸਫਲਤਾਪੂਰਵਕ ਖਤਮ ਕਰ ਦਿੱਤਾ।ਸਹਾਇਕ ਇੰਸਪੈਕਟਰ ਜਨਰਲ (ਏਆਈਜੀ) ਸੀਆਈ ਜਲੰਧਰ ਨਵਜੋਤ ਸਿੰਘ ਮਾਹਲ ਨੇ ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ ਕਿਹਾ ਕਿ ਪੁਲਿਸ ਟੀਮਾਂ ਨੂੰ ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰ ਸ਼ੱਕੀ ਹਿਮਾਂਸ਼ੂ ਬਾਰੇ ਪੁਖ਼ਤਾ ਜਾਣਕਾਰੀ ਮਿਲੀ ਸੀ ਕਿ ਉਹ ਸੂਬੇ ਵਿੱਚ ਅਪਰਾਧਿਕ ਗਤੀਵਿਧੀਆਂ ਅੰਜਾਮ ਦੇਣ ਦੀ ਸਾਜ਼ਿਸ਼ ਰਚ ਰਿਹਾ ਹੈ।

ਏ.ਆਈ.ਜੀ. ਨੇ ਕਿਹਾ ਕਿ ਮੁਸਤੈਦੀ ਨਾਲ ਕਾਰਵਾਈ ਕਰਦੇ ਹੋਏ, ਇੱਕ ਖੁਫੀਆ ਕਾਰਵਾਈ ਕੀਤੀ ਗਈ, ਜਿਸਦੇ ਨਤੀਜੇ ਵਜੋਂ ਹਿਮਾਂਸ਼ੂ ਸੂਦ ਨੂੰ ਦਕੋਹਾ ਰੇਲਵੇ ਕਰਾਸਿੰਗ, ਜਲੰਧਰ ਦੇ ਨੇੜੇ ਹਥਿਆਰਾਂ ਸਮੇਤ ਉਦੋਂ ਗ੍ਰਿਫਤਾਰ ਕੀਤਾ ਜਦੋਂ ਉਕਤ ਆਪਣੇ ਸਾਥੀ ਦੀ ਉਡੀਕ ਕਰ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਹੋਰ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ।ਇਸ ਸਬੰਧ ਵਿੱਚ ਬੀਐਨਐਸ ਦੀ ਧਾਰਾ 49, 55 ਅਤੇ 61(2), ਅਸਲਾ ਐਕਟ ਦੀ ਧਾਰਾ 25 ਅਤੇ 25 (1ਬੀ) (ਏ) ਦੇ ਤਹਿਤ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ), ਅੰਮ੍ਰਿਤਸਰ ਵਿਖੇ ਐਫਆਈਆਰ ਨੰਬਰ 37 ਮਿਤੀ 07.07.2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਸਿਵਲ ਸਰਜਨ ਵੱਲੋਂ ਬਰਸਾਤੀ ਮੌਸਮ 'ਚ ਬਿਮਾਰੀਆਂ ਤੋਂ ਬਚਾਅ ਲਈ ਪ੍ਰਬੰਧਾਂ ਦੀ ਸਮੀਖਿਆ

ਮਾਨਸਾ
ਸਾਂਝੀ ਸੋਚ ਬਿਊਰੋ

ਬਰਸਾਤੀ ਮੌਸਮ ਦੌਰਾਨ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕਰਨ ਹਿਤ ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਸਮੂਹ ਪ੍ਰੋਗਰਾਮ ਅਫ਼ਸਰਾਂ ਅਤੇ ਸਬੰਧਤ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ।ਉਨ੍ਹਾਂ ਦੱਸਿਆ ਕਿ ਜਿਸ ਤਰ੍ਹਾਂ "ਹਰ ਸ਼ੁਕਰਵਾਰ ਡੇਂਗੂ ਤੇ ਵਾਰ "ਮੁਹਿੰਮ ਅਧੀਨ ਲੋਕਾਂ ਨੂੰ ਘਰ ਘਰ ਜਾ ਕੇ ਜਾਗਰੂਕ ਕੀਤਾ ਜਾ ਰਿਹਾ, ਇਸੇ ਤਰ੍ਹਾਂ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਕਿ ਦਸਤ (ਡਾਇਰੀਆ), ਹੈਜਾ, ਟਾਈਫਾਇਡ, ਪੀਲੀਆ ਆਦਿ ਤੋਂ ਬਚਣ ਲਈ ਪਾਣੀ ਦੇ ਸੈਂਪਲ ਲਏ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਸ ਮੌਸਮ ਵਿੱਚ ਪਾਣੀ ਨੂੰ ਉਬਾਲ ਕੇ ਜਾਂ ਫਿਲਟਰ ਕਰਕੇ ਹੀ ਪੀਤਾ ਜਾਵੇ ਤਾਂ ਜੋ ਕਿਸੇ ਤਰ੍ਹਾਂ ਦੀ ਪੇਟ ਦੀ ਇਨਫੈਕਸ਼ਨ ਨਾ ਹੋ ਸਕੇ, ਫਲ ਤੇ ਸਬਜ਼ੀਆਂ ਪਾਣੀ ਨਾਲ ਚੰਗੀ ਤਰ੍ਹਾਂ ਸਾਫ ਕਰਕੇ ਵਰਤਣੀਆਂ ਚਾਹੀਦੀਆਂ ਹਨ, ਜ਼ਿਆਦਾ ਦੇਰ ਦੇ ਕੱਟੇ ਹੋਏ, ਗਲੇ ਹੋਏ ਫਲ ਅਤੇ ਸਬਜ਼ੀਆਂ ਦੀ ਵਰਤੋਂ ਕਰਨ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।ਜੇਕਰ ਕਿਸੇ ਨੂੰ ਦਸਤ ਉਲਟੀਆਂ ਲੱਗਦੀਆਂ ਹਨ ਤਾਂ ਤੁਰੰਤ ਨੇੜੇ ਦੇ ਹਸਪਤਾਲ ਵਿੱਚ ਜਾ ਕੇ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਅਤੇ ਖਾਸ ਤੌਰ 'ਤੇ ਓ.ਆਰ.ਐਸ. ਦੇ ਘੋਲ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ 01 ਜੁਲਾਈ ਤੋਂ 31 ਜੁਲਾਈ ਤੱਕ ਦਸਤ ਰੋਕੋ ਮੁਹਿੰਮ



ਚਲਾਈ ਜਾ ਰਹੀ ਹੈ, ਜਿਸ ਸਬੰਧੀ ਜ਼ਿਲ੍ਹਾ ਪੱਧਰ ਅਤੇ ਸਬ ਵੀਜ਼ਨ ਪੱਧਰ 'ਤੇ ਹਸਪਤਾਲਾਂ ਵਿੱਚ ਕਾਰਨਰ ਸਥਾਪਤ ਕੀਤੇ ਗਏ ਹਨ। ਇਸ ਤੋਂ ਇਲਾਵਾ ਆਸ਼ਾ ਵਰਕਰਜ਼ ਘਰ ਘਰ ਜਾ ਕੇ ਓ.ਆਰ.ਐਸ.ਦੇ ਪੈਕਟਾਂ ਦੀ ਵੰਡ ਅਤੇ ਓ.ਆਰ.ਐੱਸ. ਦੇ ਘੋਲ ਨੂੰ ਬਣਾਉਣ ਦਾ ਤਰੀਕਾ ਦੱਸਣ ਤੋਂ ਇਲਾਵਾ ਜਿੰਕ ਦੀਆਂ ਗੋਲੀਆਂ ਵੰਡੀਆਂ ਜਾ ਰਹੀਆਂ ਹਨ।

ਜਿੰਨ੍ਹਾਂ ਘਰਾਂ ਵਿੱਚ ਛੋਟੇ ਬੱਚੇ, ਗਰਭਵਤੀ ਮਾਵਾਂ, ਦੁੱਧ ਚੁਘਾਉਂਦੀਆਂ ਮਾਵਾਂ ਅਤੇ ਬਜ਼ੁਰਗ ਹਨ ਉਨ੍ਹਾਂ ਨੂੰ ਗਰਮੀ ਦੇ ਮੌਸਮ ਵਿੱਚ ਘਰ ਤੋਂ ਬਾਹਰ ਦੀਆਂ ਬਣੀਆਂ ਚੀਜ਼ਾਂ ਨਾ ਵਰਤਣ ਅਤੇ ਬਿਨਾਂ ਕਿਸੇ ਜ਼ਰੂਰੀ ਕੰਮ ਤੋਂ ਘਰ ਤੋਂ ਬਾਹਰ ਨਾ ਜਾਣ ਦੀ ਸਲਾਹ ਦਿੱਤੀ ਗਈ। ਫਾਸਟ ਫੂਡ ਤੋਂ ਪਰਹੇਜ਼,ਆਲੇ ਦੁਆਲੇ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦੇਣ ਬਾਰੇ ਕਿਹਾ ਗਿਆ ਤਾਂ ਜੋ ਮੱਖੀ, ਮੱਛਰ ਪੈਦਾ ਨਾ ਹੋ ਸਕੇ।ਡੇਂਗੂ ਮਲੇਰੀਆ ਤੋਂ ਬਚਾਅ ਲਈ ਆਲੇ ਦੁਆਲੇ ਪਾਣੀ ਨਹੀਂ ਖੜ੍ਹੇ ਹੋਣ ਦੇਣਾ ਚਾਹੀਦਾ, ਜੇਕਰ ਕਿਤੇ ਪਾਣੀ ਖੜ੍ਹਾ ਹੁੰਦਾ ਹੈ ਤਾਂ ਉੱਥੇ ਕਾਲੇ ਤੇਲ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨਾਂ ਸਿਹਤ ਵਿਭਾਗ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਨੂੰ ਸੁਚੇਤ ਹੋਣ ਲਈ ਕਿਹਾ ਅਤੇ ਸਿਹਤ ਪ੍ਰਤੀ ਮਿਆਰੀ ਵਿਧੀ ਨੂੰ ਅਪਨਾਉਣ ਅਤੇ ਲਾਗੂ ਕਰਵਾਉਣ ਦੀ ਹਦਾਇਤ ਕੀਤੀ। ਇਸ ਮੌਕੇ ਡਾ. ਬਲਜੀਤ ਕੌਰ ਜ਼ਿਲ੍ਹਾ ਟੀਕਾਕਰਨ ਅਫ਼ਸਰ ਮਾਨਸਾ, ਡਾ. ਰਵਿੰਦਰ ਸਿੰਗਲਾ ਸਹਾਇਕ ਸਿਵਲ ਸਰਜਨ ਮਾਨਸਾ, ਡਾ. ਕੰਵਲਪ੍ਰੀਤ ਕੌਰ ਬਰਾੜ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ, ਵਿਜੈ ਕੁਮਾਰ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ, ਅਵਤਾਰ ਸਿੰਘ ਜਿਲਾ ਪ੍ਰੋਗਰਾਮ ਮੈਨੇਜਰ,ਦਰਸਨ ਸਿੰਘ ਉਪ ਸਮੂਹ ਸਿੱਖਿਆ ਤੇ ਸੂਚਨਾ ਅਫਸਰ,ਸੰਤੋਸ਼ ਭਾਰਤੀ ਐਪੀਡੀਮੋਲੋਜਸਟ,ਸਿਖਾ ਸਿੰਗਲਾ ਅਕਾਊਂਟ ਅਫਸਰ, ਪ੍ਰਤਾਪ ਸਿੰਘ ਅਤੇ ਸੀਨੀਅਰ ਸਹਾਇਕ, ਜਸਪ੍ਰੀਤ ਕੌਰ, ਕਰਮਵੀਰ ਕੌਰ, ਸੁੱਖਵਿੰਦਰ ਸਿੰਘ ਜ਼ਿਲ੍ਹਾ ਫਾਰਮੇਸੀ ਅਫ਼ਸਰ,ਸੰਜੀਵ ਸ਼ਰਮਾ,ਗੁਰਿੰਦਰ ਜੀਤ ਸ਼ਰਮਾ, ਕ੍ਰਿਸ਼ਨ ਕੁਮਾਰ ਮੌਜੂਦ ਸਨ।


NOW OPEN
NOW OPEN
Tandoori FLAVORS
MARINATE MEAT SHOP
ਮੇਰੀਨੇਟ ਮੀਟ ਸ਼ੌਪ
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫ਼ੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
"ਅਸੀਂ ਆਪਣੇ ਖਾਣੇ 'ਚ ਫ਼ੂਡ-ਕਲਰ ਨਹੀਂ ਵਰਤਦੇ।"
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com

# ਲਾਲਜੀਤ ਸਿੰਘ ਭੁੱਲਰ ਨੇ 12 ਨਵ-ਨਿਯੁਕਤ ਜੇਲ੍ਹ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿਖੇ ਕਰਵਾਏ ਗਏ ਇੱਕ ਰਸਮੀ ਸਮਾਰੋਹ ਦੌਰਾਨ ਨਵੇਂ ਭਰਤੀ ਹੋਏ 12 ਜੇਲ੍ਹ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਨਾਲ ਆਤਮ ਨਗਰ ਲੁਧਿਆਣਾ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਏਡੀਜੀਪੀ ਜੇਲ੍ਹਾਂ ਅਰੁਣ ਪਾਲ ਸਿੰਘ ਵੀ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਨਵ-ਨਿਯੁਕਤ ਮੁਲਾਜ਼ਮਾਂ ਵਿੱਚ 5 ਜੇ.ਬੀ.ਟੀ. ਅਧਿਆਪਕ ਵੀ ਸ਼ਾਮਲ ਹਨ, ਜੋ ਕੈਦੀਆਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਜੋੜਨ ਅਤੇ ਉਨ੍ਹਾਂ ਦੇ ਮੁੜ-ਵਸੇਬੇ ਦਾ ਰਾਹ ਸੁਖਾਲਾ ਹੋਵੇਗਾ। ਇਸ ਤੋਂ ਇਲਾਵਾ 3 ਕਲਰਕ, 1 ਵਾਰਡਰ ਅਤੇ 3 ਗਰੁੱਪ-ਡੀ ਅਧਿਕਾਰੀ ਵੀ ਨਿਯੁਕਤ ਕੀਤੇ ਗਏ।ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਇਹ ਭਰਤੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਪਹਿਲਕਦਮੀ ਦਾ ਹਿੱਸਾ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਜੇਲ੍ਹ ਵਿਭਾਗ ਵਿੱਚ ਲਗਾਤਾਰ ਰੈਗੂਲਰ ਭਰਤੀਆਂ ਕਰ ਰਹੀ ਹੈ।ਭੁੱਲਰ ਨੇ ਦੱਸਿਆ ਕਿ ਇਹ ਅਧਿਆਪਕ ਕੈਦੀਆਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਆ ਦੇਣ ਅਤੇ ਕੈਦੀਆਂ ਨੂੰ ਸਮਾਜ ਦੀ ਮੁੱਖ ਧਾਰਾ ਮੁੜ ਸ਼ਾਮਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਜੇਲ੍ਹ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਦੇ ਨਾਲ-ਨਾਲ ਕੈਦੀਆਂ ਲਈ ਸੇਵਾਵਾਂ ਵਿੱਚ ਸੁਧਾਰ ਕਰ ਰਹੀ ਹੈ, ਜਿਸ ਵਿੱਚ ਵਿਦਿਅਕ, ਕਿੱਤਾਮੁਖੀ ਅਤੇ ਭਲਾਈ ਪ੍ਰੋਗਰਾਮ ਸ਼ਾਮਲ ਹਨ। ਨਵੇਂ ਭਰਤੀ ਕੀਤੇ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਜੇਲ੍ਹ ਮੰਤਰੀ ਨੇ ਉਨ੍ਹਾਂ ਨੂੰ ਪੂਰੇ ਜੋਸ਼, ਉਤਸ਼ਾਹ ਅਤੇ ਸਮਰਪਣ ਨਾਲ ਕੰਮ ਕਰਨ ਲਈ ਕਿਹਾ।

ਜ਼ਿਕਰਯੋਗ ਹੈ ਕਿ ਲਾਲਜੀਤ ਸਿੰਘ ਭੁੱਲਰ ਨੇ ਇਸ ਸਾਲ ਜਨਵਰੀ ਵਿੱਚ 15 ਜੇ.ਬੀ.ਟੀ. ਅਧਿਆਪਕਾਂ ਨੂੰ ਨਿਯੁਕਤੀ ਪੱਤਰ ਸੌਂਪੇ ਸਨ ਅਤੇ ਇਹ ਜੇਲ੍ਹ ਵਿਭਾਗ ਵਿੱਚ ਇਨ੍ਹਾਂ ਅਹੁਦਿਆਂ ਲਈ ਪਹਿਲੀ ਵਾਰ ਕੀਤੀ ਗਈ ਰੈਗੂਲਰ ਭਰਤੀ ਸੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਹਿਲਾਂ ਇਹ ਅਧਿਆਪਨ ਵਾਲੀਆਂ ਅਸਾਮੀਆਂ ਆਰਜ਼ੀ ਤੌਰ 'ਤੇ ਭਰੀਆਂ ਜਾਂਦੀਆਂ ਸਨ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ ਤਿੰਨ ਦਹਾਕਿਆਂ ਅੰਦਰ ਸਿਰਫ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਹਿਲੀ ਵਾਰ ਇਹ ਰੈਗੂਲਰ ਭਰਤੀ ਕੀਤੀ ਹੈ।



ਜੇਲ੍ਹ ਵਿਭਾਗ ਵਿੱਚ ਚੱਲ ਰਹੀਆਂ ਭਰਤੀ ਪਹਿਲਕਦਮੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਹਾਲ ਹੀ ਵਿੱਚ ਪੂਰੀ ਹੋਈ ਭਰਤੀ ਮੁਹਿੰਮ ਵਿੱਚੋਂ 738 ਵਾਰਡਰ ਅਤੇ 25 ਮੈਟਰਨ ਪਹਿਲਾਂ ਹੀ ਆਪਣੀਆਂ ਡਿਊਟੀਆਂ 'ਤੇ ਜੁਆਇਨ ਕਰ ਚੁੱਕੇ ਹਨ। ਇਸ ਤੋਂ ਇਲਾਵਾ ਸੁਰੱਖਿਆ ਸਟਾਫ ਦੀਆਂ 179 ਅਸਾਮੀਆਂ, ਜਿਸ ਵਿੱਚ 175 ਵਾਰਡਰ ਅਤੇ 4 ਮੈਟਰਨ ਸ਼ਾਮਲ ਹਨ, ਲਈ ਭਰਤੀ ਪ੍ਰਕਿਰਿਆ ਮੁਕੰਮਲ ਹੋਣ ਨੇੜੇ ਹੈ।ਵਿਭਾਗ ਦੀ ਮਜ਼ਬੂਤੀ ਲਈ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਐਲਾਨ ਕੀਤਾ ਕਿ ਜੇਲ੍ਹ ਵਿਭਾਗ ਵਿੱਚ ਵੱਖ-ਵੱਖ ਕਾਡਰਾਂ 'ਚ 1,220 ਅਸਾਮੀਆਂ ਨੂੰ ਬਹਾਲ ਕੀਤਾ ਜਾ ਰਿਹਾ ਹੈ, ਜਿਸ ਲਈ ਭਰਤੀ ਪ੍ਰਕਿਰਿਆ ਜਲਦੀ ਹੀ ਸ਼ੁਰੂ ਹੋਣ ਵਾਲੀ ਹੈ।

ਸਿੱਖਿਆ ਪਹਿਲਕਦਮੀਆਂ ਬਾਰੇ ਬੋਲਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਦੇ ਸਿੱਖਿਆ ਦਾਤ ਪ੍ਰੋਜੈਕਟ ਅਧੀਨ ਇਸ ਸਮੇਂ ਲਗਭਗ 2,200 ਕੈਦੀ ਵੱਖ-ਵੱਖ ਵਿਦਿਅਕ ਕੋਰਸਾਂ ਵਿੱਚ ਦਾਖਲ ਹਨ, ਜਦੋਂ ਕਿ 513 ਕੈਦੀ ਪੰਜਾਬ ਹੁਨਰ ਵਿਕਾਸ ਮਿਸ਼ਨ ਦੁਆਰਾ ਇਲੈਕਟ੍ਰੀਸ਼ੀਅਨ, ਪਲੰਬਰ ਅਤੇ ਟੇਲਰਿੰਗ ਕੋਰਸ ਅਤੇ ਹੋਰ ਕੋਰਸਾਂ ਵਿੱਚ ਦਿੱਤੀ ਜਾ ਰਹੀ ਹੁਨਰ ਵਿਕਾਸ ਸਿਖਲਾਈ ਲੈ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ ਰੈਗੂਲਰ ਆਧਾਰ 'ਤੇ ਲਗਭਗ 55,000 ਸਰਕਾਰੀ ਨੌਕਰੀਆਂ ਸਫਲਤਾਪੂਰਵਕ ਪ੍ਰਦਾਨ ਕੀਤੀਆਂ ਹਨ। ਇਹ ਪਹਿਲਕਦਮੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਪ੍ਰਤਿਭਾ ਪਲਾਇਨ ਨੂੰ ਠੱਲ੍ਹ ਪਾਉਣ ਅਤੇ ਨੌਜਵਾਨਾਂ ਨੂੰ ਨੌਕਰੀ ਲੱਭਣ ਵਾਲਿਆਂ ਦੀ ਬਜਾਏ ਨੌਕਰੀਆਂ ਦੇਣ ਵਾਲੇ ਬਣਾਉਣ ਦੇ ਦ੍ਰਿਸ਼ਟੀਕੋਣ ਦਾ ਹਿੱਸਾ ਹੈ।

# ਮਾਨ ਸਰਕਾਰ ਦੇ ਯਤਨਾਂ ਸਦਕਾ ਸੁਲਤਾਨਪੁਰ ਲੋਧੀ ਸ਼ਹਿਰ ਦੀ ਬਦਲੇਗੀ ਨੁਹਾਰ: ਡਾ. ਰਵਜੋਤ ਸਿੰਘ

ਸੁਲਤਾਨਪੁਰ ਲੋਧੀ
ਸਾਂਝੀ ਸੋਚ ਬਿਊਰੋ

ਪੰਜਾਬ ਦੀ ਮਾਨ ਸਰਕਾਰ ਦੇ ਯਤਨਾਂ ਨਾਲ ਸੁਲਤਾਨਪੁਰ ਲੋਧੀ ਸ਼ਹਿਰ ਦੀ ਨੁਹਾਰ ਬਦਲ ਜਾਵੇਗੀ ਅਤੇ ਸ਼ਹਿਰ ਵਿਖੇ ਅਤੀ ਆਧੁਨਿਕ ਸਹੂਲਤਾਂ ਉਪਲੱਬਧ ਹੋਣਗੀਆਂ। ਇਹ ਐਲਾਨ ਕਰਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ 240 ਕਰੋੜ ਰੁਪਏ ਦੇ 23 ਪ੍ਰਾਜੈਕਟ ਸ਼ਹਿਰ ਦੇ ਜੀਵਨ ਪੱਧਰ ਨੂੰ ਮਹੱਤਵਪੂਰਨ ਢੰਗ ਨਾਲ ਵਧਾਉਣਗੇ, ਸ਼ਹਿਰੀ ਚੁਣੌਤੀਆਂ ਨੂੰ ਹੱਲ ਕਰਨਗੇ ਅਤੇ ਇੱਕ ਚੰਗੇਰੇ ਭਵਿੱਖ ਲਈ ਰਾਹ ਪੱਧਰਾ ਕਰਨਗੇ।

ਅੱਜ ਇੱਥੇ ਸਕੱਤਰੇਤ ਵਿਖੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਸਬੰਧਤ ਜ਼ਿਲ੍ਹਾ ਅਧਿਕਾਰੀਆਂ ਨਾਲ ਕੀਤੀ ਜਾਇਜ਼ਾ ਮੀਟਿੰਗ ਦੌਰਾਨ ਡਾ. ਰਵਜੋਤ ਸਿੰਘ ਨੇ ਸੁਲਤਾਨਪੁਰ ਲੋਧੀ ਸ਼ਹਿਰ ਨੂੰ ਸਮਾਰਟ ਸਿਟੀ ਪ੍ਰਾਜੈਕਟ ਤਹਿਤ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਇਸ ਪ੍ਰਾਜੈਕਟ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਆਦੇਸ਼ ਦਿੰਦਿਆਂ ਕਿਹਾ ਕਿ ਇਹ ਪ੍ਰਾਜੈਕਟ ਮੁਕੰਮਲ ਹੋ ਨਾਲ ਸੁਲਤਾਨਪੁਰ ਲੋਧੀ ਦੀ ਨੁਹਾਰ ਬਦਲ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਸੁਲਤਾਨਪੁਰ ਲੋਧੀ ਨੂੰ ਇੱਕ ਆਧੁਨਿਕ, ਕੁਸ਼ਲ ਅਤੇ ਰਹਿਣ ਯੋਗ ਸ਼ਹਿਰ ਵਿੱਚ ਬਦਲ ਦੇਵੇਗਾ, ਜਿਸ ਨਾਲ ਸਾਡੇ ਨਾਗਰਿਕਾਂ ਨੂੰ ਲਾਭ ਹੋਵੇਗਾ ਅਤੇ ਤਰੱਕੀ ਹੋਵੇਗੀ।



ਸੁਲਤਾਨਪੁਰ ਲੋਧੀ ਦੇ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀ ਲਿਆਉਣ ਦਾ ਐਲਾਨ ਕਰਦਿਆਂ ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ 29.57 ਕਰੋੜ ਰੁਪਏ ਦੇ 6 ਪ੍ਰਾਜੈਕਟ, ਜਿਨ੍ਹਾਂ ਵਿੱਚ ਪਾਣੀ ਦੀ ਸਪਲਾਈ ਅਤੇ ਸੀਵਰੇਜ, ਜੱਬੋਵਾਲ ਵਿਖੇ 4 ਐਮ.ਐਲ.ਡੀ. ਸੀਵਰੇਜ ਟ੍ਰੀਟਮੈਂਟ ਪਲਾਂਟ (ਐਸ.ਟੀ.ਪੀ.), ਬਿਜਲੀ ਬਚਾਉਣ ਲਈ ਸਰਕਾਰੀ ਇਮਾਰਤ ਉੱਤੇ ਸੋਲਰ ਪਾਵਰ ਪਲਾਂਟ, ਸਿੱਖਿਆ ਪ੍ਰਣਾਲੀ ਨੂੰ ਵਧਾਉਣ ਲਈ ਸਮਾਰਟ ਪ੍ਰਾਇਮਰੀ ਸਕੂਲ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ, 106.71 ਕਰੋੜ ਰੁਪਏ ਦੇ 12 ਪ੍ਰਾਜੈਕਟ ਲਾਗੂ ਕੀਤੇ ਜਾ ਰਹੇ ਹਨ।

ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਪਾਣੀ ਦੀ ਸਪਲਾਈ ਅਤੇ ਸੀਵਰੇਜ ਨਾਲ 100 ਫੀਸਦੀ ਕਵਰੇਜ, ਅਰਬਨ ਅਸਟੇਟ ਵਿਖੇ 1 ਐਮ.ਐਲ.ਡੀ. ਐਸ.ਟੀ.ਪੀ., ਸਮਾਰਟ ਲੜਕੇ ਅਤੇ ਲੜਕੀਆਂ ਦਾ ਸਕੂਲ, ਕਿਲਾ ਸਰਾਏ ਦੀ ਸੰਭਾਲ, ਡਡਵਿੰਡੀ ਤੋਂ ਸੁਲਤਾਨਪੁਰ ਲੋਧੀ (6 ਕਿਲੋਮੀਟਰ) ਅਤੇ ਕਪੂਰਥਲਾ-ਸੁਲਤਾਨਪੁਰ ਲੋਧੀ ਤੋਂ ਫੱਤੂ ਢੀਂਗਾ ਸੜਕ (17.40 ਕਿਲੋਮੀਟਰ) ਤੱਕ ਸਮਾਰਟ ਸੜਕ ਨੂੰ ਚਾਰ ਮਾਰਗੀ ਕਰਨ ਦੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਸੁਚਾਰੂ ਸੰਪਰਕ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਆਵਾਜਾਈ ਪ੍ਰਣਾਲੀ ਵਿੱਚ ਸੁਧਾਰ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਅੱਗ ਬੁਝਾਊ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ, ਜੱਬੋਵਾਲ ਅਤੇ ਬੱਸ ਸਟੈਂਡ ਵਿਖੇ 4 ਐਮ.ਐਲ.ਡੀ. ਐਸ.ਟੀ.ਪੀ 'ਤੇ ਛੱਤ ਵਾਲੇ ਸੋਲਰ ਪਲਾਂਟ, 2 ਓ.ਐਚ.ਐਸ.ਆਰ, ਆਦਿ ਸਥਾਪਿਤ ਕੀਤੇ ਜਾ ਰਹੇ ਹਨ।

ਸਥਾਨਕ ਸਰਕਾਰਾਂ ਮੰਤਰੀ ਨੇ ਦੱਸਿਆ ਕਿ ਸੁਲਤਾਨਪੁਰ ਲੋਧੀ ਵਿਖੇ 78.43 ਕਰੋੜ ਰੁਪਏ ਦੇ 5 ਪ੍ਰਾਜੈਕਟ, ਜਿਨ੍ਹਾਂ ਵਿੱਚ ਕਾਲੀ ਵੇਈਂ ਦਾ ਚੈਨਲਾਈਜ਼ੇਸ਼ਨ ਅਤੇ ਜਨਤਕ ਥਾਵਾਂ ਬਣਾਉਣਾ, ਸੜਕਾਂ ਦੀ ਬਹਾਲੀ, ਮਲਟੀਪਰਪਜ਼ ਏਕੀਕ੍ਰਿਤ ਖੇਡ ਸਟੇਡੀਅਮ, ਵਧੀ ਹੋਈ ਨਿਗਰਾਨੀ ਅਤੇ ਸੁਰੱਖਿਆ ਲਈ ਏਕੀਕ੍ਰਿਤ ਕਮਾਂਡ ਅਤੇ ਕੰਟਰੋਲ ਸੈਂਟਰ, ਅਤੇ ਚਾਰ ਮਾਰਗੀ ਸਮਾਰਟ ਸੜਕਾਂ ਦੇ ਨਾਲ ਸਮਾਰਟ ਸਟ੍ਰੀਟ ਲਾਈਟਿੰਗ ਸ਼ਾਮਲ ਹਨ, ਜੋ ਸ਼ਹਿਰ ਦੀ ਸਥਿਰਤਾ ਵਿੱਚ ਬੇਮਿਸਾਨ ਯੋਗਦਾਨ ਪਾਉਣਗੀਆਂ।ਇਸ ਮੌਕੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਪੀ.ਐਮ.ਆਈ.ਡੀ.ਸੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਦੀਪਤੀ ਉਪਲ, ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਮਾਨਸਾ 'ਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ 3.50 ਲੱਖ ਪੌਦੇ ਲਗਾਉਣ ਦਾ ਟੀਚਾ- ਡਿਪਟੀ ਕਮਿਸ਼ਨਰ

ਮਾਨਸਾ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਮਾਨਸਾ 'ਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ 3.50 ਲੱਖ ਪੌਦੇ ਲਗਾਉਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ, ਜਿਸ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਆਈ.ਏ.ਐਸ. ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਨਿਊ ਕਾਨਫਰੰਸ ਰੂਮ ਵਿਖੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਉਨ੍ਹਾਂ ਨੂੰ ਪੌਦੇ ਲਗਾਉਣ ਲਈ ਟੀਚੇ ਨਿਰਧਾਰਤ ਕੀਤੇ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਕੁਦਰਤ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਬੇਹੱਦ ਲਾਜ਼ਮੀ ਹੈ। ਵਾਤਾਵਰਣ ਦੀ ਸਾਂਭ ਸੰਭਾਲ ਸਾਡਾ ਸਾਰਿਆਂ ਦਾ ਨੈਤਿਕ ਫਰਜ਼ ਹੈ ਜੋ ਕਿ ਸਾਨੂੰ ਬਾਖ਼ੂਬੀ, ਨਿਰਸਵਾਰਥ ਅਤੇ ਜ਼ਿੰਮੇਵਾਰੀ ਨਾਲ ਨਿਭਾਉਣਾ ਚਾਹੀਦਾ ਹੈ।

ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਕਿਹਾ ਕਿ ਜਿੰਨ੍ਹਾਂ ਵਿਭਾਗਾਂ ਕੋਲ ਖਾਲੀ ਜਗ੍ਹਾ ਹੈ ਉਹ ਉੱਥੇ ਪੌਦੇ ਲਗਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਣ ਵਿਭਾਗ ਦੀਆਂ ਥਾਵਾਂ ਤੋਂ ਇਲਾਵਾ ਸਕੂਲ, ਕਾਲਜਾਂ, ਪੰਚਾਇਤੀ ਥਾਵਾਂ, ਗੁਰਦੁਆਰਾ ਸਾਹਿਬ, ਸਮਸ਼ਾਨ ਘਾਟ, ਆਂਗਣਵਾੜੀਆਂ, ਪੁਲਿਸ ਲਾਈਨ, ਥਾਣਿਆਂ, ਡਿਸਪੈਂਸਰੀਆਂ ਆਦਿ 'ਚ ਸੀਸ਼ਮ, ਨਿੰਮ੍ਹ, ਬਰਮੀ ਡੇਕ, ਕਿੱਕਰ, ਜੰਡ ਆਦਿ ਰਵਾਇਤੀ ਕਿਸਮ ਦੇ ਪੌਦਿਆਂ ਦੇ ਨਾਲ ਨਾਲ ਫਲਦਾਰ ਪੌਦੇ ਅਤੇ ਫੁੱਲਾਂ ਵਾਲੇ ਸਜ਼ਾਵਟੀ ਪੌਦੇ ਢੁਕਵੀਆਂ ਥਾਵਾਂ 'ਤੇ ਲਗਾਏ ਜਾਣ।

ਉਨ੍ਹਾਂ ਦੱਸਿਆ ਕਿ ਸਮੂਹ ਵਿਭਾਗ ਆਪਣੀ ਆਪਣੀ ਲੋੜ ਅਤੇ ਜਗ੍ਹਾ ਅਨੁਸਾਰ ਵਣ ਵਿਭਾਗ ਤੋਂ ਪੌਦੇ ਪ੍ਰਾਪਤ ਕਰ ਸਕਦੇ ਹਨ। ਇਸ ਦੇ ਲਈ ਵਣ ਵਿਭਾਗ ਦੇ ਦਫ਼ਤਰ ਜਾਂ ਜ਼ਿਲ੍ਹਾ ਵਣ ਅਫ਼ਸਰ ਨਾਲ ਰਾਬਤਾ ਕੀਤਾ ਜਾ ਸਕਦਾ ਹੈ।ਇਸ ਮੌਕੇ ਨਵਨਿਯੁਕਤ



ਆਈ.ਏ.ਐਸ. ਡਾ. ਗੁਰਲੀਨ ਕੌਰ, ਜ਼ਿਲ੍ਹਾ ਵਣ ਅਫ਼ਸਰ ਪਵਨ ਸ੍ਰੀਧਰ, ਡੀ.ਐਸ.ਪੀ. ਪੁਸ਼ਪਿੰਦਰ ਸਿੰਘ, ਤਹਿਸੀਲਦਾਰ ਅਮਰਜੀਤ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK




**1003 Moffat Blvd, Manteca CA 95336**

# 209-239-1551

# TRUCK STOP

Chevron

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
**BALRAJ SINGH PANNU**
**541-942-0105**

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

**PREETI PANNU**
**(541) 369-2801**
FAX (541) 369-3810

33180 HWY 228 HALSEY, OR 97348

# ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵਿੱਚ ਗੁਰਮਤਿ ਕੈਂਪ ਦੇ ਦੂਸਰੇ ਦਿਨ ਦੀਆਂ ਤਸਵੀਰਾਂ



# ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵਿੱਚ ਗੁਰਮਤਿ ਕੈਂਪ ਦੇ ਦੂਸਰੇ ਦਿਨ ਦੀਆਂ ਤਸਵੀਰਾਂ




















# ਚਾਂਦਪੁਰਾ ਸਾਈਫਨ 'ਚ ਪਾਣੀ 2700 ਕਿਊਸਿਕ ਤੋਂ ਘਟ ਕੇ 700 ਕਿਊਸਿਕ ਹੋਇਆ- ਡੀ.ਸੀ.

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਬਰਸਾਤ ਦੇ ਮੌਸਮ ਦੌਰਾਨ ਚਾਂਦਪੁਰਾ ਸਾਈਫਨ ਵਿਚ ਪਿਛਲੇ ਦਿਨਾਂ ਦੌਰਾਨ ਪਾਣੀ 2700 ਕਿਊਸਿਕ ਵਗ ਰਿਹਾ ਸੀ ਜਦਕਿ ਸਾਈਫਨ ਦੀ ਸਮਰੱਥਾ 22000 ਕਿਊਸਿਕ ਪਾਣੀ ਦੀ ਹੈ। ਇਸ ਵੇਲੇ ਸਾਈਫਨ 'ਚ ਪਾਣੀ ਦੀ ਮਾਤਰਾ 700 ਕਿਊਸਿਕ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਆਈ.ਏ.ਐਸ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਜਲ ਨਿਕਾਸ ਵਿਭਾਗ ਦੇ ਅਧਿਕਾਰੀਆਂ ਦੀ ਰਿਪੋਰਟ ਅਨੁਸਾਰ ਘੱਗਰ ਦਰਿਆ ਵਿੱਚ ਚਾਂਦਪੁਰਾ ਸਾਈਫਨ ਨੇੜੇ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਤੋਂ ਕਾਫੀ ਘਟ ਚੁੱਕਾ ਹੈ। ਚਾਂਦਪੁਰਾ ਸਾਈਫਨ 'ਤੇ ਇਸ ਵੇਲੇ ਪਾਣੀ ਦਾ ਪੱਧਰ ਮਾਤਰ ਅੱਧਾ ਫੁੱਟ ਹੈ ਜਦਕਿ ਖਤਰੇ ਦਾ ਨਿਸ਼ਾਨ 14 ਫੁੱਟ 'ਤੇ ਹੈ। ਇਸੇ ਤਰ੍ਹਾਂ ਸਰਦੂਲਗੜ੍ਹ ਪੁਲ ਦੇ ਨਜ਼ਦੀਕ ਪਾਣੀ ਦਾ ਪੱਧਰ ਇਸ ਵੇਲੇ 7 ਫੁੱਟ ਹੈ ਤੇ ਖਤਰੇ ਦਾ ਨਿਸ਼ਾਨ 23 ਫੁੱਟ 'ਤੇ ਹੈ।ਉਨ੍ਹਾਂ ਦੱਸਿਆ ਕਿ ਪਾਤੜਾਂ ਦੇ ਨੇੜੇ ਖਨੌਰੀ ਬੰਨ੍ਹ ਦੇ ਅਧਿਕਾਰੀਆਂ ਅਨੁਸਾਰ ਉੱਥੇ ਵੀ ਪਾਣੀ ਦਾ ਪੱਧਰ 739.3 ਕਿਊਸਿਕ ਤੋਂ ਘਟ ਕੇ 550 ਕਿਊਸਿਕ ਹੋ ਗਿਆ ਹੈ। 08 ਜੁਲਾਈ ਨੂੰ ਭਾਖੜਾ ਡੈਮ ਤੋਂ ਪਾਣੀ ਸਬੰਧੀ ਜਾਰੀ ਕੀਤੇ ਗਏ ਅੰਕੜਿਆਂ ਮੁਤਾਬਿਕ 1680 ਫੁੱਟ ਪਾਣੀ ਨੂੰ ਸੰਭਾਲਣ ਦੀ ਸਮਰੱਥਾ ਵਾਲੇ ਭਾਖੜਾ ਡੈਮ ਦੇ ਰਿਜ਼ਰਵਾਇਰ ਵਿੱਚ ਇਸ ਵੇਲੇ 1584 ਫੁੱਟ ਪਾਣੀ ਹੈ।ਹੋਰ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਪਾਣੀ ਦੀ ਮਾਰ ਸਬੰਧੀ ਸਥਿਤੀ ਖ਼ਤਰੇ ਤੋਂ ਬਾਹਰ ਹੈ, ਲੋਕਾਂ ਅਫ਼ਵਾਹਾਂ ਤੋਂ ਸੁਚੇਤ ਰਹਿਣ। ਉਨ੍ਹਾਂ ਦੱਸਿਆ ਕਿ ਡ੍ਰੇਨੇਜ਼ ਵਿਭਾਗ ਦੇ ਸਾਰੇ ਅਧਿਕਾਰੀ ਉਨ੍ਹਾਂ ਨਾਲ ਲਗਾਤਾਰ ਰਾਬਤੇ ਵਿੱਚ ਹਨ ਅਤੇ ਪਾਣੀ ਦੇ ਵਧਣ ਸਬੰਧੀ ਕੋਈ ਵੀ ਸੂਚਨਾ ਉਨ੍ਹਾਂ ਦੇ ਤੁਰੰਤ ਧਿਆਨ ਹਿੱਤ ਲਿਆਂਦੀ ਜਾਵੇਗੀ ਅਤੇ ਸਾਰਾ ਪ੍ਰਸ਼ਾਸਨ ਫੌਰੀ ਕਾਰਵਾਈ ਲਈ ਤਿਆਰ ਬਰ ਤਿਆਰ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਸਥਿਤੀ ਨੂੰ ਨਜਿੱਠਣ ਲਈ ਵਿਭਾਗ ਦੇ ਸਾਰੇ ਅਧਿਕਾਰੀਆਂ ਪੂਰੀ ਤਰ੍ਹਾਂ ਤਿਆਰ ਹਨ। ਉਹ ਐਕਸੀਅਨ ਡ੍ਰੇਨੇਜ਼ ਅਤੇ ਇਸ ਵਿਭਾਗ ਦੇ ਹੋਰ



ਉੱਚ ਪੱਤਰ ਦੇ ਅਧਿਕਾਰੀਆਂ ਨਾਲ ਵੀ ਲਗਾਤਾਰ ਸੰਪਰਕ ਵਿੱਚ ਹਨ।

# ਦਿੱਲੀ ਹਵਾਈ ਅੱਡੇ ਦਾ ਨਾਮ ਬਦਲ ਕੇ 'ਸ੍ਰੀ ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ ਅੰਤਰਰਾਸ਼ਟਰੀ ਹਵਾਈ ਅੱਡਾ' ਰੱਖਿਆ ਜਾਵੇ: ਪ੍ਰੋ. ਸਰਚਾਂਦ ਸਿੰਘ ਖਿਆਲਾ

ਡੇਟਨ
ਸਮੀਪ ਸਿੰਘ ਗੁਮਟਾਲਾ

ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਰਾਸ਼ਟਰੀ ਸ਼ਹੀਦੀ ਦਿਵਸ ਵਜੋਂ ਮਨਾਇਆ ਜਾਵੇ ਅਤੇ ਦਿੱਲੀ ਦੇ 'ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ' ਦਾ ਨਾਮ ਬਦਲ ਕੇ 'ਸ੍ਰੀ ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ ਅੰਤਰਰਾਸ਼ਟਰੀ ਹਵਾਈ ਅੱਡਾ' ਰੱਖਿਆ ਜਾਵੇ।

ਪ੍ਰੋ. ਸਰਚਾਂਦ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੰਦਰਾ ਗਾਂਧੀ, ਜਿਸ ਦੇ ਨਾਮ 'ਤੇ ਦਿੱਲੀ ਹਵਾਈ ਅੱਡੇ ਦਾ ਨਾਮ ਰੱਖਿਆ ਗਿਆ ਹੈ, ਨੇ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਫ਼ੌਜੀ 'ਹਮਲਾ' ਕੀਤਾ ਸੀ ਅਤੇ ਹਜ਼ਾਰਾਂ ਨਿਰਦੋਸ਼ ਸ਼ਰਧਾਲੂਆਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ। ਉਨ੍ਹਾਂ ਦੇ ਕਤਲ ਤੋਂ ਬਾਅਦ, ਕਾਂਗਰਸੀ ਆਗੂਆਂ ਨੇ ਦੇਸ਼ ਭਰ ਵਿੱਚ ਸਿੱਖਾਂ ਦਾ ਵੱਡਾ ਕਤਲੇਆਮ ਕੀਤਾ। ਅਜਿਹੇ ਸ਼ਾਸਕ ਦੇ ਨਾਮ ਦੀ ਬਜਾਏ, ਗੁਰੂ ਤੇਗ ਬਹਾਦਰ ਸਾਹਿਬ ਵਰਗੇ ਅਸਲੀ 'ਰਾਸ਼ਟਰੀ ਨਾਇਕ' ਦੇ ਨਾਮ 'ਤੇ ਹਵਾਈ ਅੱਡੇ ਦਾ ਨਾਮ ਰੱਖਣਾ ਨਿਰਪੱਖਤਾ, ਨਿਆਂ ਅਤੇ ਧਾਰਮਿਕ ਸਹਿਣਸ਼ੀਲਤਾ ਵੱਲ ਇੱਕ ਇਤਿਹਾਸਕ ਕਦਮ ਹੋਵੇਗਾ। ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕ ਗੁਰੂ ਤੇਗ ਬਹਾਦਰ ਜੀ ਦੀ ਦਾਤ ਦਾ ਮੁੱਲ ਨਹੀਂ ਚੁਕਾ ਸਕਦੇ ਹਨ। ਜਿਨ੍ਹਾਂ ਨੇ ਹਿੰਦੂ ਧਰਮ, ਮਨੁੱਖ ਦੀ ਧਾਰਮਿਕ ਆਜ਼ਾਦੀ, ਸਰਬ ਸਾਂਝੀਵਾਲਤਾਅਤੇ ਸਭਿਆਚਾਰਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਇਹ ਨਾ ਸਿਰਫ਼ ਸਿੱਖ ਭਾਈਚਾਰੇ ਲਈ ਸਗੋਂ ਪੂਰੇ ਭਾਰਤ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਮੁੱਚਾ ਸਿੱਖ ਭਾਈਚਾਰਾ ਅਤੇ ਨਾਨਕ ਨਾਮ ਲੇਵਾ ਸੰਗਤ ਇਸ ਸਾਲ 25 ਨਵੰਬਰ ਨੂੰ ਆ ਰਹੇ ਨੌਵੇਂ ਗੁਰੂ, ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਸ਼ਾਨਦਾਰ ਤਿਆਰੀਆਂ ਵਿੱਚ ਰੁੱਝੀ ਹੋਈ ਹੈ। ਜੇਕਰ ਅਸੀਂ ਸੱਚਮੁੱਚ ਗੁਰੂ ਤੇਗ ਬਹਾਦਰ ਜੀ ਦੀ ਮਹਾਨ ਸ਼ਹਾਦਤ ਨੂੰ ਨਮਨ ਕਰਨਾ ਚਾਹੁੰਦੇ ਹਾਂ, ਤਾਂ ਇਸ ਸਾਲ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ, ਕੇਂਦਰ ਸਰਕਾਰ ਵੱਲੋਂ ਅਜਿਹਾ ਇਤਿਹਾਸਕ ਕਦਮ ਚੁੱਕਣਾ ਗੁਰੂ ਸਾਹਿਬ ਦੀ ਸ਼ਹਾਦਤ ਅੱਗੇ ਝੁਕਾਉਣ ਦੇ ਬਰਾਬਰ ਹੋਵੇਗਾ। ਉਨ੍ਹਾਂ ਕਿਹਾ ਕਿ ਜੇਕਰ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਨਾਮ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਮ 'ਤੇ ਰੱਖਿਆ ਜਾਂਦਾ ਹੈ, ਤਾਂ ਦੁਨੀਆ ਭਰ ਤੋਂ ਭਾਰਤ ਆਉਣ ਵਾਲੇ ਯਾਤਰੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਬਾਰੇ ਜਾਣ ਸਕਣਗੇ। ਉਨ੍ਹਾਂ ਅੱਗੇ ਸੁਝਾਅ ਦਿੱਤਾ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਚਰਨਾਂ ਨਾਲ ਛੂਹੀਆਂ ਥਾਵਾਂ ਲਈ ਇੱਕ ਵਿਸ਼ੇਸ਼ ਵਿਕਾਸ ਯੋਜਨਾ ਤਿਆਰ ਕਰਨ ਅਤੇ ਉਨ੍ਹਾਂ ਥਾਵਾਂ ਨੂੰ ਵਿਰਾਸਤੀ ਅਤੇ ਅੰਤਰ-ਧਰਮ ਸੈਰ-ਸਪਾਟਾ ਸਥਾਨਾਂ ਵਜੋਂ ਵਿਕਸਤ ਕਰਨ ਤੋਂ ਇਲਾਵਾ, ਸਿੱਖ ਇਤਿਹਾਸ ਅਤੇ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਨੂੰ ਰਾਸ਼ਟਰੀ ਪਾਠਕ੍ਰਮ ਯਾਨੀ ਸਕੂਲ ਅਤੇ ਯੂਨੀਵਰਸਿਟੀ ਦੇ ਪਾਠਕ੍ਰਮ ਵਿੱਚ ਸ਼ਾਮਲ ਕੀਤਾ ਜਾਵੇ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਵਿੱਚ ਸੰਵਾਦ, ਲੇਖ ਮੁਕਾਬਲੇ ਅਤੇ ਕਵੀ ਦਰਬਾਰ ਆਦਿ ਰਾਹੀਂ ਗੁਰੂ ਜੀ ਦੀ ਵਿਰਾਸਤ ਨੂੰ ਨੌਜਵਾਨ ਪੀੜ੍ਹੀ ਤੱਕ ਪਹੁੰਚਾਇਆ ਜਾਵੇ, ਸ਼ਹੀਦੀ ਦੀ 350ਵੀਂ ਵਰ੍ਹੇਗੰਢ 'ਤੇ ਸਮਰਪਿਤ ਸਿੱਕੇ ਅਤੇ ਡਾਕ ਟਿਕਟ ਜਾਰੀ ਕੀਤੇ ਜਾਣ, ਰਾਸ਼ਟਰੀ ਮੀਡੀਆ ਵਿੱਚ ਸਿੱਖ ਇਤਿਹਾਸ ਅਤੇ ਸ਼ਹਾਦਤਾਂ 'ਤੇ ਵਿਸ਼ੇਸ਼ ਪ੍ਰਸਾਰਨ ਕੀਤੇ ਜਾਣ, ਅੰਤਰਰਾਸ਼ਟਰੀ ਪੱਧਰ 'ਤੇ ਪ੍ਰਚਾਰ ਨੂੰ ਯਕੀਨੀ ਬਣਾਉਣ ਤੋਂ ਇਲਾਵਾ, ਸੰਯੁਕਤ ਰਾਸ਼ਟਰ, ਯੂਨੈਸਕੋ ਆਦਿ ਵਿੱਚ ਗੁਰੂ ਤੇਗ਼ ਬਹਾਦਰ ਜੀ, ਧਰਮ ਦੀ ਆਜ਼ਾਦੀ ਅਤੇ ਵਿਸ਼ਵਵਿਆਪੀ ਭਾਈਚਾਰੇ ਅਤੇ ਸਹਿਣਸ਼ੀਲਤਾ ਦੇ ਸੰਦੇਸ਼ ਨੂੰ ਬੁਲੰਦ ਕਰਨ ਲਈ ਵਿਦੇਸ਼ ਮੰਤਰਾਲੇ ਨੂੰ ਹਦਾਇਤ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ 25 ਨਵੰਬਰ ਨੂੰ ਜਨਤਕ ਛੁੱਟੀ ਐਲਾਨਣ ਤੋਂ ਇਲਾਵਾ, ਰਾਸ਼ਟਰਪਤੀ ਜਾਂ ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਦਿੱਲੀ ਵਿੱਚ ਇੱਕ ਕੇਂਦਰੀ ਸਮਾਗਮ ਕਰਵਾਉਣ ਦਾ ਵੀ ਸੁਝਾਅ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੁਰੂ ਤੇਗ਼ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਬਣਦਾ ਸਤਿਕਾਰ ਦੇਣਾ ਨਾ ਸਿਰਫ਼ ਸਿੱਖ ਭਾਈਚਾਰੇ ਦੀ ਇੱਛਾ ਹੈ ਬਲਕਿ



ਭਾਰਤ ਦੀ ਰਾਸ਼ਟਰੀ ਜ਼ਿੰਮੇਵਾਰੀ ਵੀ ਹੈ। ਗੁਰਦੁਆਰਿਆਂ ਵਿੱਚ ਮੱਥਾ ਟੇਕਣ ਤੋਂ ਇਲਾਵਾ, ਸਰਕਾਰਾਂ ਨੂੰ ਗੁਰੂ ਸਾਹਿਬਾਨ ਨਾਲ ਸਬੰਧਿਤ ਪ੍ਰਤੀਕਾਤਮਿਕ ਅਤੇ ਨੀਤੀਗਤ ਫ਼ੈਸਲੇ ਵੀ ਲੈਣੇ ਪੈਣਗੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਅਤੇ ਵਿਚਾਰਾਂ ਨੂੰ ਸਮਝ ਸਕਣ ਅਤੇ ਆਪਣੇ 'ਤੇ ਲਾਗੂ ਕਰ ਸਕਣ।

## ਕੰਮ ਕਰੋ ਜਾਂ ਕਾਰਵਾਈ ਲਈ ਤਿਆਰ ਰਹੋ

# ਲਾਲ ਚੰਦ ਕਟਾਰੂਚੱਕ ਵੱਲੋਂ ਈ-ਕੇਵਾਈਸੀ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਡੀਐਫਐਸਸੀਜ਼ ਨੂੰ ਜੰਗੀ ਪੱਧਰ 'ਤੇ ਕੰਮ ਕਰਨ ਦੇ ਨਿਰਦੇਸ਼

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਯੋਗ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਮੁਫਤ ਰਾਸ਼ਨ (ਕਣਕ) ਮਿਲਦੇ ਰਹਿਣ ਨੂੰ ਯਕੀਨੀ ਬਣਾਉਣ ਲਈ ਈ-ਕੇਵਾਈਸੀ ਪ੍ਰਕਿਰਿਆ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ (ਡੀਐਫਐਸਸੀਜ਼) ਨੂੰ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਇਸ ਪ੍ਰਕਿਰਿਆ ਨੂੰ ਜੰਗੀ ਪੱਧਰ 'ਤੇ ਪੂਰਾ ਕਰਨ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਹਨ।

ਡੀਐਫਐਸਸੀਜ਼ ਨਾਲ ਵੀਡੀਓ ਕਾਨਫਰੰਸਿੰਗ ਰਾਹੀਂ ਸਮੀਖਿਆ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਕਿ ਰਾਜ ਦੇ ਕੁੱਲ 1.57 ਕਰੋੜ ਲਾਭਪਾਤਰੀਆਂ ਵਿੱਚੋਂ 1.25 ਕਰੋੜ ਲਾਭਪਾਤਰੀਆਂ (1,25,55,621) ਲਈ ਈ-ਕੇਵਾਈਸੀ ਪ੍ਰਕਿਰਿਆ ਪੂਰੀ ਕਰ ਲਈ ਗਈ ਹੈ। ਇਸ ਪ੍ਰਕਿਰਿਆ ਨੂੰ ਮੁਕੰਮਲ ਕਰਨ ਦੀ ਆਖਰੀ ਮਿਤੀ 30 ਜੂਨ, 2025 ਸੀ ਪਰ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਣ ਦੇ ਬਾਵਜੂਦ ਅਜੇ ਵੀ ਕਈ ਲਾਭਪਾਤਰੀ ਦੀ ਈ-ਕੇਵਾਈਸੀ ਅਜੇ ਬਾਕੀ ਹੈ।

ਇਸ ਦਾ ਸਖ਼ਤ ਨੋਟਿਸ ਲੈਂਦੇ ਲੈਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਤੋਂ ਇਸ ਪ੍ਰਕਿਰਿਆ ਲਈ ਆਖਰੀ ਮਿਤੀ 31 ਅਗਸਤ, 2025 ਤੱਕ ਵਧਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਡੀਐਫਐਸਸੀ ਨੂੰ ਈ-ਕੇਵਾਈਸੀ ਵਿਧੀ ਨੂੰ ਤੇਜ਼ੀ ਨਾਲ ਨੇਪਰੇ ਚਾੜਨ, ਮਾੜੀ ਕਾਰਗੁਜ਼ਾਰੀ ਵਾਲੇ ਡਿਪੂ ਹੋਲਡਰਾਂ ਦੀ ਪਛਾਣ ਕਰਨ ਅਤੇ ਅਜਿਹੇ ਡਿਪੂ ਹੋਲਡਰਾਂ ਨੂੰ ਸਖ਼ਤ ਚੇਤਾਵਨੀ ਦੇਣ ਲਈ ਕਿਹਾ ਹੈ ਕਿ ਜੇਕਰ ਇਸ ਸਬੰਧ ਵਿੱਚ ਕੋਈ ਵੀ ਲਾਪਰਵਾਹੀ ਪਾਈ ਜਾਂਦੀ ਹੈ ਤਾਂ ਉਨ੍ਹਾਂ ਦੇ ਡਿਪੂ ਰੱਦ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੁਲਾਈ-ਅਗਸਤ-ਸਤੰਬਰ ਸਰਕਲ ਵਿੱਚ ਇਹ ਪ੍ਰਕਿਰਿਆ ਪੂਰੀ ਤਰ੍ਹਾਂ ਮੁਕੰਮਲ ਕੀਤੀ ਜਾਵੇ।

ਡੀਐਫਐਸਸੀ ਨੂੰ ਇਸ ਪਹਿਲਕਦਮੀ ਨੂੰ ਜਲਦ ਤੋਂ ਜਲਦ ਨੇਪਰੇ ਚਾੜ੍ਹਨ ਦਾ ਨਿਰਦੇਸ਼ ਦਿੰਦਿਆਂ ਸ੍ਰੀ ਕਟਾਰੂਚੱਕ ਨੇ ਕਿਹਾ ਕਿ ਇਸ ਦੌਰਾਨ ਇਹ ਧਿਆਨ ਵਿੱਚ ਰੱਖਿਆ ਜਾਵੇ ਕਿ ਕੋਈ ਵੀ ਯੋਗ ਲਾਭਪਾਤਰੀ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਦੀ ਅਗਲੀ ਸਮੀਖਿਆ 1 ਹਫ਼ਤੇ ਬਾਅਦ ਕੀਤੀ ਜਾਵੇਗੀ ਅਤੇ ਮਾੜੀ-ਕਾਰਗੁਜ਼ਾਰੀ ਵਾਲੇ ਵਾਲਿਆਂ ਨਾਲ ਲਿਹਾਜ਼ ਨਹੀਂ ਰੱਖੀ ਜਾਵੇਗੀ।ਜ਼ਿਕਰਯੋਗ ਹੈ ਕਿ ਈ-ਕੇਵਾਈਸੀ ਇੱਕ ਡਿਜੀਟਲ ਵਿਧੀ ਹੈ ਜੋ ਲਾਭਪਾਤਰੀ ਦੀ ਪਛਾਣ ਅਤੇ ਉਸਦੇ ਪਤੇ ਦੀ ਪੁਸ਼ਟੀ ਲਈ ਮੁੱਖ ਤੌਰ 'ਤੇ ਆਧਾਰ ਕਾਰਡ ਨੰਬਰ ਅਤੇ ਪ੍ਰਮਾਣਿਕਤਾ ਲਈ ਬਾਇਓਮੈਟ੍ਰਿਕਸ ਦੀ ਵਰਤੋਂ ਕਰਦੀ ਹੈ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਜਨਤਕ ਵੰਡ ਪ੍ਰਣਾਲੀ (ਪੀਡੀਐਸ) ਅਧੀਨ 2 ਸ਼੍ਰੇਣੀਆਂ ਵਿੱਚ ਕੀਤੀ ਜਾਂਦੀ ਹੈ। ਅੰਤੋਦਿਯਾ ਅੰਨ ਯੋਜਨਾ (ਏਏਵਾਈ) ਅਧੀਨ ਪ੍ਰਤੀ ਪਰਿਵਾਰ ਅਤੇ ਹਰ ਮਹੀਨੇ 35 ਕਿਲੋ ਕਣਕ ਦਿੱਤੀ ਜਾਂਦੀ ਹੈ ਜਦੋਂ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (ਐਨਐਫਐਸਏ), 2013 ਅਧੀਨ ਤਰਜੀਹੀ ਪਰਿਵਾਰ(ਪੀਪੀਐਚ) ਸ਼੍ਰੇਣੀ ਦੇ ਤਹਿਤ ਪ੍ਰਤੀ ਵਿਅਕਤੀ ਹਰ ਮਹੀਨੇ 5 ਕਿਲੋ ਕਣਕ ਮੁਫ਼ਤ ਦਿੱਤੀ ਜਾਂਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਦੇ ਪ੍ਰਮੁੱਖ ਸਕੱਤਰ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਕੁਮਾਰ ਸ਼ਰਮਾ, ਵਧੀਕ ਸਕੱਤਰ



ਪਨਗ੍ਰੇਨ ਕਮਲ ਕੁਮਾਰ ਗਰਗ ਅਤੇ ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਸ਼ਾਮਲ ਸਨ।


WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108, FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


SERVPRO®
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Fire Damage Restoration
ਅਸੀਂ ਇਮਾਰਤ ਵਿਚ ਲੱਗੀ ਅੱਗ, ਸਵਾਹ ਦੇ ਲੱਗੇ ਦਾਗ ਕੰਧਾਂ, ਛਤਾਂ ਅਤੇ ਫ਼ਰਸ਼ ਤੋਂ ਮਸ਼ੀਨਾਂ ਨਾਲ ਸਾਫ਼ ਕਰਦੇ ਹਾਂ | ਅੱਗ ਲੱਗੇ ਘਰ ਦੀ ਹਵਾ ਮਸ਼ੀਨਾਂ ਨਾਲ ਸਾਫ਼ ਕਰਦੇ ਹਾਂ
Water Removal and Dehumidification
ਤੁਹਾਡੀ ਇਮਾਰਤ ਵਿੱਚ ਪਾਣੀ ਆ ਜਾਵੇ ਜਾਂ ਪਾਣੀ ਨਾਲ ਆਈ ਸਲਾਬ ਨੂੰ ਮਸ਼ੀਨ ਨਾਲ ਖਤਮ ਕਰਦੇ ਹਾਂ | ਸਾਰਾ ਪਾਣੀ ਕੱਢ ਕੇ ਜਾਗ੍ਹ ਨੂੰ ਸੁਕਾ ਕੇ ਖ਼ਰਾਬ ਹੋਇਆ ਸਮਾਨ ਜਾਂ floor ਨੂੰ ਇੰਸ਼ੂਰਾਂਸ ਕੰਪਨੀ ਕੋਲੋਂ Approval ਲੈ ਕੇ Remove ਕਰਦੇ ਹਾਂ,
Ozone and Hydroxyl, Neutralizing
ਅਸੀਂ ਘਰ ਅਤੇ Rental Property ਵਿਚੋਂ Ozone Hydroxyl ਮਸ਼ੀਨਾਂ ਨਾਲ ਮਸਾਲਿਆਂ ਜਾਂ ਸਿਗਰਟ ਦੀ ਬਦਬੂ ਖਤਮ ਕਰਦੇ ਹਾਂ
Mold-Biohazard Remediation
ਘਰ ਵਿਚ ਜੇਕਰ ਕਿਸੇ ਕਾਰਨ ਕਰਕੇ Mold ਆ ਜਾਂਦੀ ਹੈ ਤਾਂ ਅਸੀਂ Mold ਨੂੰ ਹਟਾ ਵੀ ਸਕਦੇ ਹਾਂ ਅਤੇ ਭਵਿੱਖ ਵਿੱਚ ਕਦੇ ਦੋਬਾਰਾ Mold ਨਾ ਆ ਸਕੇ ਉਸ ਦਾ ਵੀ ਅਸੀਂ ਪ੍ਰਬੰਧ ਕਰਦੇ ਹਾਂ ਤਾਂ ਕਿ ਦੱਮੇ (ਸਾਹ) ਦੀ ਬਿਮਾਰੀ ਜਾਂ ਹੋਰ ਕੋਈ ਬਿਮਾਰੀ ਨਾ ਆ ਸਕੇ
Carpet and Hard Floor Cleaning and Care
Carpet ਜਾਂ Hard Floor ਦੀ ਸਫ਼ਾਈ ਅਤੇ ਸਾਂਭ-ਸੰਭਾਲ ਵੀ ਕਰਦੇ ਹਾਂ
Stain Removal, Stain Resistance Applications
ਅੱਗ ਲੱਗਣ,ਧੁਆਂ ਹੋਣ ਜਾਂ ਸਵਾਹ ਖਿੱਲਰ ਜਾਵੇ ਅਸੀਂ ਤੁਹਾਡੀ ਸਫਾਈ ਕਰਦੇ ਹਾਂ
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਪਿੰਡ ਮੀਰਪੁਰ ਵਿਖੇ ਮੌਜੂਦਾ ਸਰਪੰਚ ਸਮੇਤ ਸੈਂਕੜੇ ਮੋਹਤਬਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਾਮਲ

ਤਰਨ ਤਾਰਨ
ਰਕੇਸ਼ ਨਈਅਰ

ਵਿਧਾਨ ਸਭਾ ਹਲਕਾ ਤਰਨਤਾਰਨ ਵਿਖੇ ਭਾਰਤੀ ਜਨਤਾ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦ ਇਸ ਹਲਕੇ ਦੇ ਪਿੰਡ ਮੀਰਪੁਰ ਵਿਖੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਜੀਓਬਾਲਾ ਦੀ ਪ੍ਰੇਰਨਾ ਸਦਕਾ ਸੁਖਦੇਵ ਸਿੰਘ ਦੇ ਗ੍ਰਹਿ ਵਿਖੇ ਮੌਜੂਦਾ ਸਰਪੰਚ,ਸਾਬਕਾ ਪੰਚਾਇਤ ਮੈਂਬਰ ਸਮੇਤ ਸੈਂਕੜੇ ਮੋਹਤਬਰ ਪਰਿਵਾਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਸ਼ਾਮਲ ਹੋਣ ਵਾਲਿਆਂ ਵਿੱਚ ਮੌਜੂਦਾ ਸਰਪੰਚ ਖੁਸ਼ਵਿੰਦਰ ਸਿੰਘ, ਸਾਬਕਾ ਮੈਂਬਰ ਨੱਥਾ ਸਿੰਘ,ਆਤਮਾ ਸਿੰਘ,ਗੁਰਦੇਵ ਸਿੰਘ,ਹਰਪਾਲ ਸਿੰਘ,ਚਮਕੌਰ ਸਿੰਘ, ਸਤਨਾਮ ਸਿੰਘ,ਬਾਊ ਮਨੋਹਰ ਲਾਲ,ਨਿਸ਼ਾਨ ਸਿੰਘ,ਸੁੱਖਾ ਸਿੰਘ, ਸਟੀਫਨ ਮਸੀਹ,ਮਾਣਕ ਮਸੀਹ,ਦੀਦਾਰ ਸਿੰਘ,ਹਰਜੀਤ ਸਿੰਘ,ਕਵਲ ਸਿੰਘ,ਬਲਰਾਜ ਸਿੰਘ ਆਦਿ ਵੱਡੀ ਗਿਣਤੀ ਵਿੱਚ ਮੋਹਤਬਰਾਂ ਨੂੰ ਪਰਿਵਾਰਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਵੱਲੋਂ ਪਾਰਟੀ ਚਿੰਨ ਦੇ ਕੇ ਜ਼ਿਲ੍ਹਾ ਲੀਡਰਸ਼ਿਪ ਦੀ ਹਾਜਰੀ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਦੇ ਹਲਾਤਾਂ ਨੂੰ ਮੁੱਖ ਰੱਖਦਿਆਂ ਸਾਨੂੰ ਕਿਸੇ ਦ੍ਰਿੜ,ਬੇਦਾਗ ਅਤੇ ਸੁਹਿਰਦ



ਮੁੱਖ ਮੰਤਰੀ ਦੀ ਲੋੜ ਹੈ।ਜਿੰਨਾ ਚਿਰ ਪੰਜਾਬ ਦੀ ਵਾਗਡੋਰ ਭਾਰਤੀ ਜਨਤਾ ਪਾਰਟੀ ਦੇ ਸੁਚੱਜੇ ਅਤੇ ਇਮਾਨਦਾਰ ਹੱਥਾਂ ਵਿੱਚ ਨਹੀਂ ਆਉਂਦੀ ਪੰਜਾਬ ਇਸੇ ਤਰਾਂ ਹੀ ਲੁੱਟਿਆ ਕੁੱਟਿਆ ਜਾਂਦਾ ਰਹੇਗਾ ਜਿਵੇਂ ਕਿ ਭਾਰਤ ਦੀ ਅਜਾਦੀ ਤੋਂ ਬਾਅਦ ਲਗਭਗ 8 ਦਹਾਕੇ ਤੋਂ ਹੀ ਪੰਜਾਬ ਵਿੱਚ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਕੰਗਾਲੀ ਦੇ ਰਾਹ ਤੇ ਖੜਾ ਕਰਕੇ ਰੱਖ ਦਿੱਤਾ ਹੈ।ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਹੁਣ ਪੰਜਾਬ ਦੇ ਲੋਕ ਚੰਗੀ ਤਰਾਂ ਸਮਝ ਚੁੱਕੇ ਹਨ ਕਿ ਦੇਸ਼ ਦੇ ਦੂਸਰੇ ਸੂਬੇ ਜੋ ਤਰੱਕੀ ਦੀਆਂ ਲੀਹਾਂ 'ਤੇ ਹਨ ਵਾਂਗ ਵੀ ਤਾਂ ਹੀ ਤਰੱਕੀ ਕਰ ਸਕਦਾ ਹੈ ਕਿ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣੇ।ਇਹ ਤਾਂ ਹੀ ਸੰਭਵ ਹੈ ਕਿ ਆਪਾਂ ਸਾਰੇ ਵਰਗਾਂ ਨੂੰ ਮਿਲ ਕੇ ਭਾਰਤੀ ਜਨਤਾ ਪਾਰਟੀ ਨੂੰ ਵੱਡਾ ਬਹੁਮਤ ਦੇ ਕੇ ਲੋਕਤੰਤਰ ਤਰੀਕੇ ਨਾਲ ਕਾਮਯਾਬ ਕਰੀਏ।ਇਸ ਮੌਕੇ 'ਤੇ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਨੂੰ ਪਿੰਡ ਮੀਰਪੁਰ ਦੀ ਸਮੁੱਚੀ ਸੰਗਤ 'ਤੇ ਮਾਣ ਹੈ ਕਿ ਉਨਾਂ ਨੇ ਦੇਸ਼ ਦੇ ਸਭ ਤੋਂ ਵੱਡੀ ਰਾਜਨੀਤਿਕ ਪਾਰਟੀ ਭਾਰਤੀ ਜਨਤਾ ਪਾਰਟੀ ਨਾਲ ਚੱਲਣ ਦਾ ਫੈਸਲਾ ਲਿਆ ਹੈ,ਕਿਉਂਕਿ ਭਾਜਪਾ ਲਈ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਵਾਲੇ ਹਰ ਪਾਰਟੀ ਆਗੂ ਦਾ ਭਾਜਪਾ ਪੂਰਾ ਮਾਨ ਸਨਮਾਨ ਬਹਾਲ ਰੱਖਦੀ ਹੈ ਅਤੇ ਹਰ ਦੁੱਖ ਸੁੱਖ ਦੀ ਘੜੀ ਵਿੱਚ ਚਟਾਂਨ ਵਾਂਗ ਖੜਦੀ ਵੀ ਹੈ।ਇਸ ਮੌਕੇ 'ਤੇ ਜ਼ਿਲ੍ਹਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ,ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ,ਐਸਸੀ ਮੋਰਚਾ ਪ੍ਰਧਾਨ ਅਵਤਾਰ ਸਿੰਘ ਬੰਟੀ,ਸੀਨੀਅਰ ਆਗੂ ਪਵਨ ਦੇਵਗਨ,ਸਰਕਲ ਸ਼ਹਿਰੀ ਪ੍ਰਧਾਨ ਰੋਹਿਤ ਸ਼ਰਮਾ,ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਜੀਓਬਾਲਾ,ਮਾਸਟਰ ਬਲਦੇਵ ਸਿੰਘ ਮੰਡ,ਅਮਰੀਕ ਸਿੰਘ ਸੋਹਲ,ਬਲਕਾਰ ਸਿੰਘ, ਕਰਮਜੀਤ ਸਿੰਘ,ਜਸਵਿੰਦਰ ਸਿੰਘ ਤਰਨਤਾਰਨ ਤੋਂ ਇਲਾਵਾ ਹੋਰ ਵੀ ਪਾਰਟੀ ਆਗੂ ਸਾਹਿਬਾਨ ਮੌਜੂਦ ਸਨ।

# ਅਸ਼ਵਨੀ ਕੁਮਾਰ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਨਿਯੁਕਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਭਾਰਤੀ ਜਨਤਾ ਪਾਰਟੀ ਵੱਲੋਂ ਵਿਧਾਇਕ ਅਸ਼ਵਨੀ ਕੁਮਾਰ ਸ਼ਰਮਾ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਪਠਾਨਕੋਟ ਤੋਂ ਮੌਜੂਦਾ ਭਾਜਪਾ ਵਿਧਾਇਕ ਅਸ਼ਵਨੀ ਸ਼ਰਮਾ ਨੂੰ ਪੰਜਾਬ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸੁਨੀਲ ਜਾਖੜ ਤੋਂ ਪਹਿਲਾਂ ਅਸ਼ਵਨੀ ਸ਼ਰਮਾ ਪੰਜਾਬ ਭਾਜਪਾ ਦੇ ਪ੍ਰਧਾਨ ਸਨ। ਇਹ ਨਿਯੁਕਤੀ ਭਾਜਪਾ ਕੌਮੀ ਪ੍ਰਧਾਨ ਜੇ.ਪੀ. ਨੱਢਾ ਨੇ ਕੀਤੀ ਹੈ। ਇਸ ਤੋਂ ਪਹਿਲਾਂ ਸੁਨੀਲ ਜਾਖੜ ਨੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫ਼ਾ ਦਿੱਤਾ ਸੀ, ਪਰ ਕੇਂਦਰ ਵੱਲੋਂ ਇਸ ਨੂੰ ਮਨਜ਼ੂਰ ਨਹੀਂ ਕੀਤਾ ਗਿਆ ਸੀ।ਪੰਜਾਬ ਵਿਚ 2027 ਵਿਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਅਜਿਹੀ ਸਥਿਤੀ ਵਿਚ, ਭਾਜਪਾ ਵੱਲੋਂ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਕਦਮ ਚੁੱਕੇ ਗਏ ਹਨ। ਜਿਸ ਤਰ੍ਹਾਂ ਅਸ਼ਵਨੀ ਸ਼ਰਮਾ ਦੀ ਨਿਯੁਕਤੀ ਕੀਤੀ ਗਈ ਹੈ, ਉਸ ਤੋਂ ਸਪੱਸ਼ਟ ਹੈ ਕਿ ਜਾਖੜ ਪਹਿਲਾਂ ਵਾਂਗ ਹੀ ਅਹੁਦੇ 'ਤੇ ਬਣੇ ਰਹਿਣਗੇ। ਨਾਲ ਹੀ, ਅਸ਼ਵਨੀ ਸ਼ਰਮਾ ਉਨ੍ਹਾਂ ਦੇ ਸਹਿਯੋਗੀ ਵਜੋਂ ਕੰਮ ਕਰਨਗੇ।
ਅਸ਼ਵਨੀ ਸ਼ਰਮਾ ਨੇ 17 ਜਨਵਰੀ 2020 ਤੋਂ 4 ਜੁਲਾਈ 2023 ਤੱਕ ਪੰਜਾਬ ਭਾਜਪਾ ਦੇ ਪ੍ਰਧਾਨ ਦਾ ਅਹੁਦਾ ਸੰਭਾਲਿਆ ਹੈ। ਅਕਾਲੀ ਦਲ ਨਾਲ ਗੱਠਜੋੜ ਟੁੱਟਣ ਤੋਂ ਬਾਅਦ 2022 ਦੀਆਂ ਵਿਧਾਨ ਸਭਾ ਚੋਣਾਂ ਉਨ੍ਹਾਂ ਦੀ ਅਗਵਾਈ ਹੇਠ ਲੜੀਆਂ ਗਈਆਂ, ਇਸ ਵਿਚ ਪਾਰਟੀ 2 ਸੀਟਾਂ ਜਿੱਤਣ ਵਿਚ ਕਾਮਯਾਬ ਰਹੀ ਸੀ।
ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ 2024 ਦੀਆਂ ਲੋਕ ਸਭਾ ਚੋਣਾਂ ਤੋਂ ਬਾਅਦ ਅਹੁਦਾ ਛੱਡਣ ਦੀ ਇੱਛਾ ਜ਼ਾਹਰ ਕੀਤੀ ਸੀ। ਭਾਜਪਾ ਪੰਜਾਬ ਦੀਆਂ 13 ਸੀਟਾਂ ਵਿਚੋਂ ਇੱਕ ਵੀ ਨਹੀਂ ਜਿੱਤ ਸਕੀ। ਉਨ੍ਹਾਂ ਨੇ ਖੁਦ ਮੰਨਿਆ ਸੀ ਕਿ ਉਨ੍ਹਾਂ ਨੇ ਪਾਰਟੀ ਹਾਈਕਮਾਨ ਨੂੰ ਉਨ੍ਹਾਂ ਨੂੰ ਅਹੁਦੇ ਤੋਂ ਮੁਕਤ ਕਰਨ ਦੀ ਬੇਨਤੀ ਕੀਤੀ ਸੀ। ਇਸ ਪਿੱਛੇ ਕੁਝ ਨਿੱਜੀ ਅਤੇ ਨੀਤੀਗਤ ਮੁੱਦੇ ਸਨ। ਇਸੇ ਕਰਕੇ ਉਹ ਕਿਸੇ ਵੀ ਪਾਰਟੀ ਮੀਟਿੰਗ ਵਿਚ ਸ਼ਾਮਲ ਨਹੀਂ ਹੋ ਰਿਹਾ ਸੀ।



# ਕੇਜਰੀਵਾਲ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਨੂੰ ਸਭ ਨੂੰ ਸਿਹਤ ਸੰਭਾਲ ਮੁਹੱਈਆ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਦੱਸਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਨੂੰ ਇਕ ਪੈਸਾ ਖ਼ਰਚੇ ਬਿਨਾਂ ਸਾਰੀਆਂ ਸਿਹਤ ਸੰਭਾਲ ਸਹੂਲਤਾਂ ਮੁਹੱਈਆ ਕਰਨ ਵੱਲ ਅਹਿਮ ਕਦਮ ਹੈ।
ਇੱਥੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਕੰਮ ਜੋ ਅੱਜ ਕੀਤਾ ਜਾ ਰਿਹਾ ਹੈ, ਉਹ 50 ਸਾਲ ਪਹਿਲਾ ਹੋ ਜਾਣਾ ਚਾਹੀਦਾ ਸੀ ਪਰ ਬਦਕਿਸਮਤੀ ਨਾਲ ਇਹ ਦੇਸ਼ 'ਤੇ ਰਾਜ ਕਰਨ ਵਾਲਿਆਂ ਦੇ ਏਜੰਡੇ 'ਤੇ ਕਦੇ ਨਹੀਂ ਰਿਹਾ। ਉਨ੍ਹਾਂ ਕਿਹਾ ਕਿ ਇਸ ਕਾਰਨ ਹੀ 'ਆਪ' ਨੇ ਹਮੇਸ਼ਾ ਲੋਕਾਂ ਨੂੰ ਮਿਆਰੀ ਸਿੱਖਿਆ ਅਤੇ ਸਿਹਤ ਸੇਵਾਵਾਂ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਹੈ ਤਾਂ ਜੋ ਉਹ ਜੀਵਨ ਵਿੱਚ ਸਫ਼ਲਤਾ ਹਾਸਲ ਕਰ ਸਕਣ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਦੇਸ਼ ਨੂੰ ਵਿਸ਼ਵ ਗੁਰੂ ਬਣਾਉਣ ਦਾ ਦਾਅਵਾ ਕਰਨ ਵਾਲਿਆਂ ਨੇ ਹੁਣ ਤੱਕ ਦੇਸ਼ ਨੂੰ ਇਨ੍ਹਾਂ ਸਹੂਲਤਾਂ ਤੋਂ ਵਾਂਝਾ ਰੱਖਿਆ ਹੈ, ਜਿਸ ਕਾਰਨ ਦੇਸ਼ ਪਿੱਛੇ ਰਹਿ ਗਿਆ ਹੈ।
ਸਿੰਗਾਪੁਰ, ਜਾਪਾਨ, ਜਰਮਨੀ ਅਤੇ ਹੋਰ ਦੇਸ਼ਾਂ ਦੀ ਮਿਸਾਲ ਦਿੰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਇਸ ਲਈ ਸਫ਼ਲਤਾ ਹਾਸਲ ਕੀਤੀ ਕਿਉਂਕਿ ਇਨ੍ਹਾਂ ਦੇਸ਼ਾਂ ਨੇ ਸਿੱਖਿਆ ਤੇ ਸਿਹਤ ਉੱਤੇ ਧਿਆਨ ਕੇਂਦਰਿਤ ਕੀਤਾ ਸੀ। ਉਨ੍ਹਾਂ ਕਿਹਾ ਕਿ 'ਆਪ' ਵੱਲੋਂ ਅੱਜ-ਕੱਲ੍ਹ ਜੋ ਕੰਮ ਕੀਤਾ ਜਾ ਰਿਹਾ ਹੈ, ਉਹ ਹੀ ਰਾਸ਼ਟਰ ਨਿਰਮਾਣ ਦਾ ਅਸਲ ਕੰਮ ਹੈ। ਇਕ ਮਿਸਾਲ ਦਿੰਦੇ ਹੋਏ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਭਾਰਤ ਸਰਕਾਰ ਦੇ ਸਿੱਖਿਆ ਬਾਰੇ ਨੈਸ਼ਨਲ ਅਚੀਵਮੈਂਟ ਸਰਵੇਖਣ ਵਿੱਚ ਪੰਜਾਬ ਪਹਿਲੇ ਸਥਾਨ ਉੱਤੇ ਰਿਹਾ ਹੈ, ਜਦੋਂ ਕਿ 2017 ਵਿੱਚ ਇਹ 17ਵੇਂ ਸਥਾਨ 'ਤੇ ਸੀ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਅੱਜ ਹਰ ਖੇਤਰ, ਭਾਵੇਂ ਉਹ ਸਿੱਖਿਆ ਹੋਵੇ, ਸਿਹਤ ਹੋਵੇ ਜਾਂ ਵਿਕਾਸ, ਵਿੱਚ ਸਫ਼ਲਤਾ ਦੀ ਨਵੀਂ ਇਬਾਰਤ ਲਿਖ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਹਨ, ਜੋ ਸਾਰਿਆਂ ਨੂੰ ਮੁਫ਼ਤ ਇਲਾਜ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ 200 ਹੋਰ ਕਲੀਨਿਕ ਜਲਦੀ ਸਮਰਪਿਤ ਕੀਤੇ ਜਾਣਗੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹੁਣ ਸੂਬੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ, ਜੋ 2 ਅਕਤੂਬਰ ਤੋਂ ਕਾਰਜਸ਼ੀਲ ਹੋਵੇਗੀ, ਜਿਸ ਤੋਂ ਬਾਅਦ ਇਸ ਯੋਜਨਾ ਲਈ ਲੋਕਾਂ ਦੇ ਨਾਮ ਦਰਜ ਕਰਨ ਲਈ ਕੈਂਪ ਲਗਾਏ ਜਾਣਗੇ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਯੋਜਨਾ ਸਾਰਿਆਂ ਨੂੰ ਸਿਹਤ ਸੰਭਾਲ ਪ੍ਰਦਾਨ ਕਰਨ ਅਤੇ ਲੋਕਾਂ ਨੂੰ 10 ਲੱਖ ਰੁਪਏ ਦਾ ਨਗਦੀ ਰਹਿਤ ਇਲਾਜ ਯਕੀਨੀ ਬਣਾਉਣ ਵੱਲ ਇਕ ਕਦਮ ਹੈ। ਉਨ੍ਹਾਂ ਨੇ ਇਸ ਇਤਿਹਾਸਕ ਦਿਨ ਦੀ ਲੋਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਿਰਫ਼ ਇਕ ਇਮਾਨਦਾਰ ਸਰਕਾਰ ਹੀ ਆਮ ਆਦਮੀ ਦੀ ਭਲਾਈ ਲਈ ਚਿੰਤਤ ਹੁੰਦੀ ਹੈ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੇ ਲੋਕਾਂ 'ਤੇ ਕੋਈ ਨਵਾਂ ਟੈਕਸ ਨਹੀਂ ਲਗਾਇਆ ਹੈ ਪਰ ਜਨਤਾ ਦੇ ਪੈਸੇ ਦੀ ਚੋਰੀ ਨੂੰ ਰੋਕਿਆ ਹੈ, ਜੋ ਵਿਕਾਸ ਅਤੇ ਲੋਕਾਂ ਦੀ ਭਲਾਈ 'ਤੇ ਖ਼ਰਚ ਕੀਤਾ ਜਾ ਰਿਹਾ ਹੈ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਸਿਹਤ ਸੰਭਾਲ ਖੇਤਰ ਲਈ ਇਕ ਇਤਿਹਾਸਕ ਦਿਨ ਹੈ ਕਿਉਂਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੇ ਹਰ ਪਰਿਵਾਰ ਨੂੰ ਹੁਣ 10 ਲੱਖ ਰੁਪਏ ਤੱਕ ਦਾ ਨਗਦੀ ਰਹਿਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿੱਥੇ ਹਰ ਪਰਿਵਾਰ 10 ਲੱਖ ਰੁਪਏ ਤੱਕ ਦਾ ਨਗਦੀ ਰਹਿਤ ਇਲਾਜ ਕਰਵਾਉਣ ਦਾ ਹੱਕਦਾਰ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅੱਜ ਤੋਂ ਸੂਬੇ ਦੀ ਪੂਰੀ ਤਿੰਨ ਕਰੋੜ ਆਬਾਦੀ ਇਸ ਯੋਜਨਾ ਤਹਿਤ ਮੁਫ਼ਤ ਇਲਾਜ ਲਈ ਯੋਗ ਹੋਵੇਗੀ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਹਿਲਾਂ ਇਕ ਪਰਿਵਾਰ ਸਿਰਫ਼ ਪੰਜ ਲੱਖ ਰੁਪਏ ਤੱਕ ਦਾ ਇਲਾਜ ਕਰਵਾ ਸਕਦਾ ਸੀ ਪਰ ਹੁਣ ਇਹ ਸੀਮਾ ਵਧਾ ਕੇ 10 ਲੱਖ ਰੁਪਏ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਬਾਕੀ ਸੂਬਿਆਂ ਲਈ ਮਿਸਾਲ ਕਾਇਮ ਕੀਤੀ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪੰਜਾਬ ਹੁਣ ਭਾਰਤ ਦਾ ਪਹਿਲਾ ਸੂਬਾ ਹੈ, ਜੋ ਆਪਣੇ ਨਾਗਰਿਕਾਂ ਨੂੰ ਮੁਫ਼ਤ ਸਿਹਤ ਸੰਭਾਲ, ਸਿੱਖਿਆ, ਬਿਜਲੀ ਅਤੇ ਬੱਸ ਯਾਤਰਾ ਮੁਹੱਈਆ ਕਰਦਾ ਹੈ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮਹਾਨ ਗੁਰੂਆਂ ਵੱਲੋਂ ਦਿੱਤੇ ਗਏ ਸਰਬੱਤ ਦੇ ਭਲੇ ਦੇ ਸੰਦੇਸ਼ 'ਤੇ ਅਮਲ ਕਰਦੇ ਹੋਏ ਪੰਜਾਬ ਸਰਕਾਰ ਨੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਨਾਗਰਿਕ ਮੁਫ਼ਤ ਸਿਹਤ ਸੰਭਾਲ ਦਾ ਹੱਕਦਾਰ ਹੋਵੇਗਾ, ਭਾਵੇਂ ਉਹ ਸਰਕਾਰੀ ਕਰਮਚਾਰੀ ਹੋਵੇ ਜਾਂ ਪੈਨਸ਼ਨਰ। ਇਸ ਯੋਜਨਾ ਤਹਿਤ ਕੋਈ ਆਮਦਨ ਹੱਦ ਨਹੀਂ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਪਹਿਲਾਂ ਸਿਰਫ਼ ਯੋਗ ਪਰਿਵਾਰ ਹੀ ਪੰਜ ਲੱਖ ਰੁਪਏ ਤੱਕ ਦੇ ਇਲਾਜ ਦਾ ਲਾਭ ਲੈ ਸਕਦੇ ਸਨ ਪਰ ਹੁਣ ਸਾਰੇ ਨਾਗਰਿਕ ਇਸ ਯੋਜਨਾ ਦੇ ਘੇਰੇ ਵਿੱਚ ਹਨ।
ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਸਕੀਮ ਅਧੀਨ ਸਿਹਤ ਕਾਰਡ ਸੇਵਾ ਕੇਂਦਰਾਂ ਵਿੱਚ ਵੀ ਬਣਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਆਪਣੇ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਵਰਤੋਂ ਰਾਹੀਂ ਆਨਲਾਈਨ ਰਜਿਸਟਰੇਸ਼ਨ ਜ਼ਰੀਏ ਵੀ ਸਿਹਤ ਕਾਰਡ ਹਾਸਲ ਕੀਤੇ ਜਾ ਸਕਦੇ ਹਨ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਸਕੀਮ ਅਧੀਨ ਕੋਈ ਵੀ ਨਾਗਰਿਕ ਕਿਸੇ ਵੀ ਸਰਕਾਰੀ ਹਸਪਤਾਲ ਜਾਂ ਸੂਚੀਬੱਧ ਪ੍ਰਾਈਵੇਟ ਹਸਪਤਾਲ ਵਿੱਚ ਮੁਫ਼ਤ ਇਲਾਜ ਹਾਸਲ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦਾ ਕੋਈ ਵੀ ਨਾਗਰਿਕ ਵਿੱਤੀ ਤੰਗੀ ਕਾਰਨ ਇਲਾਜ ਖੁਣੋਂ ਨਹੀਂ ਰਹੇਗਾ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੀਆਂ ਹੋਰ ਲੋਕ-ਪੱਖੀ ਅਤੇ ਵਿਕਾਸ ਮੁਖੀ ਪਹਿਲਕਦਮੀਆਂ ਜਾਰੀ ਰੱਖੇਗੀ।



# EXIT REALTY CONSULTANTS

150 W.Yosemite Ave.,Manteca ,CA ,95336



ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ

(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )

ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ

ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ

## Raman Bassi

Realtor DRE # 02162139



ਵਧੇਰੇ ਜਾਣਕਾਰੀ ਲਈ ਕਾਲ ਕਰੋ

**Cell : 510-432-8122**

**Office : 209-823-1234**

www.RamanBassi.EXITHOME.COM

RBassi@EXITHOME.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

Paul Sahota

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

Where Hope Meets

IMMIGRATION OPPORTUNITIES

USA SERVICES :

CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :

Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਗੁਰਪ੍ਰੀਤ ਸਿੰਘ ਜਖਵਾਲੀ ਦਾ ਕਾਵਿ ਸੰਗ੍ਰਹਿ 'ਪੰਛੀ ਤੇ ਕੁਦਰਤ' ਬੱਚਿਆਂ ਲਈ ਮਾਰਗ ਦਰਸ਼ਕ




ਗੁਰਪ੍ਰੀਤ ਸਿੰਘ ਜਖਵਾਲੀ ਇੱਕ ਪੱਤਰਕਾਰ, ਬਾਲ ਕਵੀ ਤੇ ਮਿੰਨੀ ਕਹਾਣੀ ਲੇਖਕ ਹੈ। ਉਸਦੀਆਂ ਕਵਿਤਾਵਾਂ ਇੱਕ ਸਾਂਝੇ ਕਾਵਿ ਸੰਗ੍ਰਹਿ 'ਕਲਮ ਕਾਫਲਾ' ਵਿੱਚ ਪ੍ਰਕਾਸ਼ਤ ਹੋ ਚੁੱਕੀਆਂ ਹਨ। ਇਸ ਤੋਂ ਇਲਾਵਾ ਅਖ਼ਬਾਰਾਂ ਅਤੇ ਬਾਲ ਰਸਾਲਿਆਂ ਵਿੱਚ ਵੀ ਪ੍ਰਕਾਸ਼ਤ ਹੁੰਦੀਆਂ ਰਹਿੰਦੀਆਂ ਹਨ। ਉਸਦਾ 'ਪੰਛੀ ਤੇ ਕੁਦਰਤ' ਪਲੇਠਾ ਕਾਵਿ ਸੰਗ੍ਰਹਿ ਹੈ। ਗੁਰਪ੍ਰੀਤ ਸਿੰਘ ਜਖਵਾਲੀ ਦਾ ਬਾਲ ਕਾਵਿ ਸੰਗ੍ਰਹਿ 'ਪੰਛੀ ਤੇ ਕੁਦਰਤ' ਬੱਚਿਆਂ ਲਈ ਮਾਰਗ ਦਰਸ਼ਕ ਸਾਬਤ ਹੋ ਸਕਦਾ ਹੈ। ਉਸਨੂੰ ਸਾਹਿਤਕ ਮਸ ਸਕੂਲ ਵਿੱਚ ਪੜ੍ਹਦਿਆਂ ਹੀ ਲੱਗ ਗਿਆ ਸੀ, ਪ੍ਰੰਤੂ ਅਮਲੀ ਰੂਪ ਪੜ੍ਹਾਈ ਖ਼ਤਮ ਕਰਨ ਤੋਂ ਬਾਅਦ ਹੀ ਦਿੱਤਾ ਗਿਆ। ਇਸ ਕਾਵਿ ਸੰਗ੍ਰਹਿ ਵਿੱਚ ਉਸਦੀਆਂ 61 ਕਵਿਤਾਵਾਂ ਅਤੇ 2 ਗੀਤ ਸ਼ਾਮਲ ਹਨ। ਬੱਚਿਆਂ ਨਾਲ ਸੰਬੰਧਤ ਰਚਨਾਵਾਂ ਲਿਖਣੀਆਂ ਮੁਸ਼ਕਲ ਹੁੰਦੀਆਂ ਹਨ, ਕਿਉਂਕਿ ਕਵੀ ਨੂੰ ਬਾਲਗ ਅਵਸਥਾ 'ਚੋਂ ਨਿਕਲਕੇ ਬਾਲ ਅਵਸਥਾ ਵਿੱਚ ਪਹੁੰਚਣਾ ਪੈਂਦਾ ਹੈ। ਬਾਲ ਮਨ ਬਹੁਤ ਹੀ ਕੋਮਲ ਹੁੰਦੇ ਹਨ, ਉਨ੍ਹਾਂ ਨੂੰ ਜਿਸ ਪ੍ਰਕਾਰ ਢਾਲ ਲਿਆ ਜਾਵੇ ਬਿਲਕੁਲ ਉਸੇ ਤਰ੍ਹਾਂ ਹੋ ਜਾਂਦੇ ਹਨ। ਗੁਰਪ੍ਰੀਤ ਸਿੰਘ ਜਖਵਾਲੀ ਨੇ ਆਪਣੀਆਂ ਕਵਿਤਾਵਾਂ/ਗੀਤਾਂ ਦੇ ਵਿਸ਼ੇ ਬਾਕਮਾਲ ਚੁਣੇ ਹਨ। ਇਸ ਕਾਵਿ ਸੰਗ੍ਰਹਿ ਦੀਆਂ ਕਵਿਤਾਵਾਂ/ਗੀਤ ਬਾਲ ਮਨਾ ਤੇ ਗਹਿਰਾ ਪ੍ਰਭਾਵ ਪਾਉਣ ਵਾਲੇ ਹਨ। ਇਨ੍ਹਾਂ ਕਵਿਤਾਵਾਂ/ਗੀਤਾਂ ਦੇ ਵਿਸ਼ੇ ਇਨਸਾਨ ਦੇ ਰੋਜ਼ਾਨਾ ਜ਼ਿੰਦਗੀ ਵਿੱਚ ਕੰਮ ਆਉਣ ਵਾਲੇ ਹਨ। ਇਹ ਵਿਸ਼ੇ ਬਾਲਾਂ ਨੂੰ ਸਹੀ ਸੇਧ ਦੇਣ ਵਾਲੇ ਹਨ ਤਾਂ ਜੋ ਬੱਚੇ ਅਨੁਸਾਸ਼ਨ ਵਿੱਚ ਰਹਿੰਦੇ ਹੋਏ ਆਪਣੇ ਜੀਵਨ ਵਿੱਚ ਸਫ਼ਲ ਹੋ ਸਕਣ। ਵਿਸ਼ੇ ਵੀ ਵੰਨ-ਸਵੰਨੇ ਅਤੇ ਰੰਗ-ਬਿਰੰਗੇ ਹਨ, ਜਿਨ੍ਹਾਂ ਵਿੱਚ ਵਾਤਾਵਰਨ, ਪਾਣੀ, ਹਵਾ, ਰੁੱਖ, ਟ੍ਰੈਫਿਕ, ਕਾਨੂੰਨ, ਸਫਾਈ, ਸਿਹਤ, ਬਿਜਲੀ ਦੀ ਬਚਤ, ਪ੍ਰਕ੍ਰਿਤੀ, ਖੇਡਾਂ, ਸਭਿਆਚਾਰ, ਪੜ੍ਹਾਈ, ਅਧਿਆਪਕਾਂ ਦਾ ਸਤਿਕਾਰ, ਠੰਡ ਤੋਂ ਬਚਾਅ, ਮੋਬਾਈਲਾਂ ਦੀ ਦੁਰਵਰਤੋਂ ਆਦਿ ਸ਼ਾਮਲ ਹਨ। ਇਸ ਕਾਵਿ ਸੰਗ੍ਰਹਿ ਦੀ ਇੱਕ ਹੋਰ ਖ਼ੂਬੀ ਹੈ, ਕਵਿਤਾਵਾਂ/ਗੀਤਾਂ ਦੇ ਨਾਲ ਤਸਵੀਰਾਂ ਵੀ ਦਿੱਤੀਆਂ ਗਈਆਂ ਹਨ, ਕਿਉਂਕਿ ਬੱਚੇ ਤਸਵੀਰਾਂ ਤੋਂ ਜ਼ਿਆਦਾ ਪ੍ਰਭਾਵਤ ਹੁੰਦੇ ਹਨ।

'ਪੰਛੀ ਤੇ ਕੁਦਰਤ' ਕਾਵਿ ਸੰਗ੍ਰਹਿ ਵਿੱਚ ਭਾਵੇਂ ਨਿੱਕੀਆਂ-ਨਿੱਕੀਆਂ ਗੱਲਾਂ ਸੰਬੰਧੀ ਕਵਿਤਾਵਾਂ/ਗੀਤ ਲਿਖੇ ਗਏ ਹਨ, ਪ੍ਰੰਤੂ ਇਹ ਬਹੁਤ ਹੀ ਕੀਮਤੀ ਗੱਲਾਂ ਹੁੰਦੀਆਂ ਹਨ, ਜਿਹੜੀਆਂ ਬੱਚਿਆਂ ਨੂੰ ਸਾਰੀ ਉਮਰ ਸਫਲ ਜੀਵਨ ਜਿਓਣ ਵਿੱਚ ਸਹਾਈ ਹੋਣਗੀਆਂ। 'ਮੇਰਾ ਪਿੰਡ' ਤੇ 'ਇਨਸਾਨੀਅਤ ਦਾ ਪਾਠ' ਕਵਿਤਾਵਾਂ ਵਿੱਚ ਧਾਰਮਿਕ ਸਦਭਾਵਨਾ ਬਾਰੇ ਜਾਣਕਾਰੀ ਦਿੱਤੀ ਗਈ ਹੈ ਕਿ ਪਿੰਡਾਂ ਵਿੱਚ ਸਾਰੇ ਧਰਮਾ ਦੇ ਧਾਰਮਿਕ ਸਥਾਨ ਹੁੰਦੇ ਹਨ ਤੇ ਉਨ੍ਹਾਂ ਤੋਂ ਆਪਸੀ ਪਿਆਰ-ਮੁਹੱਬਤ ਦਾ ਸੰਦੇਸ਼ ਮਿਲਦਾ ਹੈ। 'ਪੱਗ' ਵਿੱਚ ਦਸਤਾਰ ਦੀ ਅਹਿਮੀਅਤ ਅਤੇ ਸਤਿਕਾਰ ਬਾਰੇ ਵਰਣਨ ਕੀਤਾ ਗਿਆ ਹੈ। ਏਸੇ ਤਰ੍ਹਾਂ 'ਸ਼ਰਾਬ' ਸਿਰਲੇਖ ਵਾਲੀ ਕਵਿਤਾ ਵਿੱਚ ਨਸ਼ਿਆਂ ਦੇ ਨੁਕਸਾਨ ਬਾਰੇ ਚਾਨਣਾ ਪਾਇਆ ਗਿਆ ਹੈ। 'ਟਾਈਮ ਪੀਸ', 'ਸਮੇਂ ਦੀਆਂ ਬਾਤਾਂ', 'ਇੱਕ ਮਿੰਟ' ਤੇ 'ਸਮਾਂ' ਵਿੱਚ ਸਮੇਂ ਦੀ ਕਦਰ, 'ਬਿਲੀ ਦਾ ਮੂੰਹ' ਲਾਲਚ, ਧੋਖੇ ਤੋਂ ਬਚਣ, 'ਚੂਹੇ ਤੇ ਬਿੱਲੀ ਦੀ ਕਲਾਸ' ਲੜਾਈ ਦੇ ਨੁਕਸਾਨ, 'ਚਾਚੂ ਸੁਪਰ ਸਟਾਰ' 'ਮੇਰੇ ਪਾਪਾ' ਤੇ 'ਮਿਹਨਤ' ਵਿੱਚ ਮਿਹਨਤ ਦੇ ਲਾਭ, 'ਇਸ਼ਨਾਨ' ਤੰਦਰੁਸਤੀ ਤੇ ਫੁਰਤੀ, 'ਪਿਆਰਾ ਕੁੱਤਾ' ਵਫ਼ਾਦਾਰੀ, 'ਸਾਈਕਲ' ਤੇ 'ਮੋਟਰ ਕਾਰ' ਸਿਹਤਮੰਦ ਰਹਿਣ ਅਤੇ ਪੈਟਰੌਲ ਤੇ ਡੀਜ਼ਲ ਦੀ ਫ਼ਜ਼ੂਲ ਖ਼ਰਚੀ ਤੋਂ ਪ੍ਰਹੇਜ ਕਰਨ ਦੀ ਸਲਾਹ ਦਿੱਤੀ ਗਈ ਹੈ। 'ਅਖ਼ਬਾਰ' ਕਵਿਤਾ ਵਿੱਚ ਪੜ੍ਹਨ ਦੀ ਤਾਕੀਦ ਵੀ ਕੀਤੀ ਗਈ ਹੈ ਤਾਂ ਜੋ ਬੱਚੇ ਸਾਹਿਤ ਨਾਲ ਜੁੜ ਸਕਣ ਤੇ ਪੜ੍ਹਾਈ ਕਰਨ ਦੀ ਪ੍ਰਵਿਰਤੀ ਬਰਕਰਾਰ ਰਹੇ। 'ਮਾਂ' ਇਨਸਾਨੀ ਰਿਸ਼ਤਿਆਂ ਦੀ ਸਿੱਖਿਆ ਤੇ ਆਤਮ ਵਿਸ਼ਵਾਸ ਦਿੰਦੀ ਹੈ। 'ਸਿਲਾਈ ਮਸ਼ੀਨ' ਹੱਥ ਨਾਲ ਘਰੇਲੂ ਕੰਮ ਕਰਨ ਦੀ ਪ੍ਰੇਰਨਾ ਦਿੰਦੀ ਹੈ। ਕਵਿਤਾਵਾਂ ਰਾਹੀਂ ਖ਼ੂਨ ਦਾਨ ਕਰਨ ਅਤੇ ਦੀਵਾਲੀ ਵਰਗੇ ਹੋਰ ਤਿਓਹਾਰਾਂ 'ਤੇ ਵੀ ਪ੍ਰਦੂਸ਼ਣ ਤੋਂ ਬਚਣ ਲਈ ਪਟਾਕੇ ਨਾ ਚਲਾਉਣਾ ਆਦਿ ਦੀਆਂ ਵਧੀਆ ਨਸੀਹਤਾਂ ਬੱਚਿਆਂ ਨੂੰ ਦਿੱਤੀਆਂ ਗਈਆਂ ਹਨ। ਲਗਪਗ ਸਾਰੀਆਂ ਕਵਿਤਾਵਾਂ/ਗੀਤ ਹੀ ਬੱਚਿਆਂ ਲਈ ਸਿੱਖਿਆਦਾਇਕ ਹਨ। 'ਪਾਣੀ' ਕਵਿਤਾ ਵਿੱਚ ਕਵੀ ਲਿਖਦਾ ਹੈ-

ਜੋ ਪਾਣੀ ਦੀ ਕਦਰ ਨਾ ਕਰਦੇ, ਘਾਣ ਉਹ ਕੁਦਰਤ ਦਾ ਕਰਦੇ।
ਪਾਣੀ ਜੇ ਅਸੀਂ ਬਚਾਵਾਂਗੇ, ਲੰਮੀਆਂ ਉਮਰਾਂ ਪਾਵਾਂਗੇ।
ਆਓ ਸਾਰੇ ਸੌਂਹ ਇਹ ਖਾਈਏ, ਵੱਧ ਤੋਂ ਵੱਧ ਪਾਣੀ ਬਚਾਈਏ।

'ਰੁੱਖ' ਸਿਰਲੇਖ ਵਾਲੀ ਕਵਿਤਾ ਦੇ ਸ਼ਿਅਰ ਹਨ-

ਪੰਛੀਆਂ ਨੇ ਵੇਖੀਂ ਘਰ ਬਣਾਉਣੇ, ਗੀਤ ਖ਼ੁਸਹਾਲੀ ਦੇ ਰਲਕੇ ਗਾਉਣੇ।
ਧਰਤੀ ਪਾਣੀ ਦੇ ਇਹ ਰਾਖੇ, ਰੁੱਖ ਲਗਾਓ ਨੂਰ ਇਹ ਆਖੇ।
ਆਓ ਸਾਰੇ ਆਪਣਾ ਫ਼ਰਜ਼ ਨਿਭਾਈਏ, ਇੱਕ-ਇੱਕ ਰੁੱਖ ਜ਼ਰੂਰ ਲਗਾਈਏ।

ਇਸ ਤੋਂ ਇਲਾਵਾ ਉਸ ਦੀਆਂ ਕਵਿਤਾਵਾਂ ਸਮਾਜਿਕ ਸਰੋਕਾਰਾਂ ਨਾਲ ਸੰਬੰਧਤ ਵਿਸ਼ਿਆਂ, ਜਿਨ੍ਹਾਂ ਵਿੱਚ ਭਰਿਸ਼ਟਾਚਾਰ, ਚੋਰੀ, ਠੱਗੀ, ਧੋਖਾ, ਫਰੇਬ, ਝੂਠ, ਫ਼ਰਜ਼ਾਂ, ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਇਨਸਾਫ਼ ਬਾਰੇ ਵੀ ਹਨ। ਗੁਰਪ੍ਰੀਤ ਸਿੰਘ ਜਖਵਾਲੀ ਦਾ ਸੰਬੰਧ ਪਿੰਡਾਂ ਨਾਲ ਹੋਣ ਕਰਕੇ ਉਹ ਦਿਹਾਤੀ ਬੱਚਿਆਂ ਦੀ ਮਾਨਸਿਕਤਾ ਨੂੰ ਪੂਰੀ ਤਰ੍ਹਾਂ ਸਮਝਦਾ ਹੈ। ਉਸਦਾ ਜਨਮ ਪਟਿਆਲਾ ਜ਼ਿਲ੍ਹੇ ਦੇ ਪਿੰਡ ਜਖਵਾਲੀ ਵਿਖੇ 27 ਫਰਵਰੀ 1981 ਨੂੰ ਪਿਤਾ ਸ਼ਾਦੀ ਰਾਮ ਮਾਤਾ ਸਰਦਾਰ ਕੌਰ ਦੇ ਘਰ ਹੋਇਆ। ਹੁਣ ਇਹ ਪਿੰਡ ਫ਼ਤਿਹਗੜ੍ਹ ਜ਼ਿਲ੍ਹੇ ਵਿੱਚ ਹੈ। ਉਸਦਾ ਵਿਆਹ ਮਨਦੀਪ ਕੌਰ ਢਿਲੋਂ ਨਾਲ ਹੋਇਆ, ਉਨ੍ਹਾਂ ਦੇ ਤਿੰਨ ਬੱਚੇ ਗੁਰਮਹਿਕ ਢਿਲੋਂ, ਹਰਨੂਰ ਸਿੰਘ ਅਤੇ ਅਵਲੀਨ ਢਿਲੋਂ ਹਨ। ਗੁਰਪ੍ਰੀਤ ਸਿੰਘ ਜਖਵਾਲੀ ਦੀਆਂ ਕਵਿਤਾਵਾਂ ਬੱਚਿਆਂ ਦੇ ਦਿਲਾਂ ਤੇ ਸਿੱਧਾ ਅਸਰ ਕਰਨ ਵਾਲੀਆਂ ਹਨ। ਭਵਿਖ ਵਿੱਚ ਵੀ ਗੁਰਪ੍ਰੀਤ ਸਿੰਘ ਜਖਵਾਲੀ ਕੋਲੋਂ ਚੰਗੀਆਂ ਬਾਲ ਕਵਿਤਾਵਾਂ ਲਿਖਣ ਦੀ ਆਸ ਕੀਤੀ ਜਾ ਸਕਦੀ ਹੈ।

72 ਪੰਨਿਆਂ, 150 ਰੁਪਏ ਕੀਮਤ ਵਾਲਾ ਇਹ ਕਾਵਿ ਸੰਗ੍ਰਹਿ ਜੇ.ਪੀ.ਪਬਲੀਕੇਸ਼ਨ ਪਟਿਆਲਾ ਨੇ ਪ੍ਰਕਾਸ਼ਤ ਕੀਤਾ ਹੈ।

ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072
ujagarsingh48@yahoo.com






# PAL FILMS & PHOTO BOOKS

*All Your Photo/Videography & Post Production needs Under One Roof*



Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400,
341 356 1517**

**Email: palfilms@yahoo.com,
palfilms925@gmail.com, www.palfilms.com**

**4007 Railroad Ave
Pittsburgh, CA 94565**

ALL YOUR PROPERTY & FINANCIAL NEEDS UNDER ONE ROOF

REVA BLUE
REALTY, INC
Lic #02059815

SPECIALIZING IN ALL TYPES OF
COMMERCIAL
and
RESIDENTIAL

- Agriculture Land
- Liquor Stores
- Gas Stations
- Apartments
- Commercial Buildings

ਵਰਗੀਆਂ ਪ੍ਰੋਪਰਟੀਜ਼
ਖਰੀਦਣ ਜਾਂ ਵੇਚਣ ਦੇ ਚਾਹਵਾਨ
ਇੱਕ ਵਾਰ ਸਾਨੂੰ ਮਿਲੋ

BLUESTONE
LENDING FIRM
WHERE YOUR DREAMS MEET THE RIGHT LOAN

ਕੀ ਤੁਸੀਂ ਆਪਣਾ ਘਰ Re-Finance ਕਰਨਾ ਹੈ, ਘਰ ਖ਼ਰੀਦਣਾ ਹੈ ?
ਜਾਂ Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ਓਹਦੇ ਵਿੱਚ Bluestone ਤੁਹਾਨੂੰ Assist ਕਰ ਸਕਦੀ ਹੈ।

SBA LOAN | FHA LOAN
CONVENTIONAL LOAN
HARD MONEY LOAN
PRIVATE LOAN
VA LOAN





Masters Club Life Member

SATNAM SINGH, MBA
DRE Lic #02059815 NMLS #2240863 Broker, Lic #01725504
Satnam2000@gmail.com
(510) 926-5738
(209) 587-3644
712 E Main St., Turlock, CA 95380
830 W Olive Ave, Suite D, Merced


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# MANI GREWAL

## FOR STANISLAUS COUNTY | DISTRICT 4
## SUPERVISOR

ਸਤ ਸ੍ਰੀ ਅਕਾਲ

**Stanislaus County Supervisor District-4**
ਦੀ ਸੀਟ ਵਾਸਤੇ 2026 ਲਈ ਮਨੀ ਗਰੇਵਾਲ ਦੋਬਾਰਾ ਚੋਣ ਲੜਨ ਲਈ ਖੜੇ ਹੋਣ ਜਾ ਰਹੇ ਹਨ ਮਨੀ ਗਰੇਵਾਲ ਨੇ ਦਸੰਬਰ 2020 ਵਿੱਚ County Supervisor ਦਾ ਅਹੁਦਾ ਸੰਭਾਲਿਆ ਸੀ ਅਤੇ ਦੋਬਾਰਾ ਲੋਕਾਂ ਵਲੋਂ ਚੁਣ ਕੇ 2023 ਵਿੱਚ ਫਿਰ ਇਕ ਵਾਰ ਇਸ ਅਹੁਦੇ ਤੇ ਬਰਕਾਰ ਰਹੇ



4 ਸਾਲ ਦੀ ਟਰਮ ਪੂਰੀ ਹੋਣ ਤੇ 2026 ਦੇ ਜੂਨ ਮਹੀਨੇ ਦੀਆਂ ਪ੍ਰਾਇਮਰੀ ਚੋਣਾਂ ਲਈ ਓਸੇ ਹੀ District-4 ਤੋਂ ਦੋਬਾਰਾ ਮਨੀ ਗਰੇਵਾਲ ਚੋਣ ਲੜਨ ਲਈ ਖੜੇ ਹੋ ਰਹੇ ਹਨ।
ਪਿਛਲੇ 5 ਸਾਲਾਂ ਵਿੱਚ ਮਨੀ ਗਰੇਵਾਲ ਨੇ ਬਹੁਤ ਹੀ ਮਿਹਨਤ ਅਤੇ ਲਗਨ ਨਾਲ ਆਪਣੇ District ਦੇ ਲੋਕਾਂ ਦੀ ਸੇਵਾ ਕੀਤੀ ਹੈ
ਕਈ ਅਹਿਮ ਪ੍ਰੋਜੈਕਟਾਂ ਨੂੰ ਸਿਰੇ ਚਾੜ੍ਹਿਆ ਅਤੇ ਹੁਣ ਵੀ ਕਈ ਨਵੇਂ ਪ੍ਰੋਜੈਕਟਾਂ ਦੇ ਉੱਤੇ ਕੰਮ ਕਰ ਰਹੇ ਹਨ ਤਾਂ ਕਿ Stanislaus County Supervisor District-4 ਦੇ ਲੋਕਾਂ ਦੀ ਵੱਧ ਤੋਂ ਵੱਧ ਮਦਦ ਹੋ ਸਕੇ ਅਤੇ ਉਹਨਾਂ ਨੂੰ ਨਵੀਆਂ-ਨਵੀਆਂ ਸਹੂਲਤਾਂ ਦਿੱਤੀਆਂ ਜਾ ਸਕਣ।
ਮਨੀ ਗਰੇਵਾਲ ਇਕ ਵਧੀਆ ਅਤੇ ਮਿਹਨਤੀ ਪਰਿਵਾਰ ਨਾਲ ਸਬੰਧ ਰੱਖਦਾ ਹੈ ਮਨੀ ਗਰੇਵਾਲ ਨੇ Business Administration ਵਿੱਚ Bachelor of Science ਦੀ ਡਿਗਰੀ ਹਾਸਿਲ ਕੀਤੀ ਹੋਈ ਹੈ
ਇਸ ਤੋਂ ਵਧੀਆ ਉਮੀਦਵਾਰ ਤੁਹਾਡੇ District 4 ਲਈ ਕੋਈ ਹੋਰ ਨਹੀਂ ਹੋ ਸਕਦਾ




